ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 21 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੬ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਾਬਕਾ ਡੀਆਈਜੀ ਭੁੱਲਰ ਦੀ ਨਿਆਇਕ ਹਿਰਾਸਤ 'ਚ ਫਿਰ ਵਾਧਾ, ਜਾਣੋ ਹੁਣ ਕਦੋਂ ਹੋਵੇਗੀ ਸੁਣਵਾਈ




**ਚੰਡੀਗੜ੍ਹ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਸੀ.ਬੀ.ਆਈ. ਨੇ ਰਿਸ਼ਵਤ ਮਾਮਲੇ 'ਚ ਗ੍ਰਿਫ਼ਤਾਰ ਮੁਅੱਤਲ ਡੀ. ਆਈ. ਜੀ. ਹਰਚਰਨ ਸਿੰਘ ਭੁੱਲਰ ਨੂੰ ਅੱਜ ਸੀ. ਬੀ. ਆਈ. ਦੀ ਅਦਾਲਤ 'ਚ ਪੇਸ਼ ਕੀਤਾ ਗਿਆ। ਅਦਾਲਤ ਨੇ ਭੁੱਲਰ ਦੀ ਨਿਆਇਕ ਹਿਰਾਸਤ ਫਿਰ ਵਧਾ ਦਿੱਤੀ ਅਤੇ ਉਨ੍ਹਾਂ ਨੂੰ 14 ਦਿਨਾਂ ਦੀ ਨਿਆਇਕ ਹਿਰਾਸਤ 'ਚ ਭੇਜ ਦਿੱਤਾ ਗਿਆ। ਮੁਅੱਤਲ ਡੀ. ਆਈ. ਜੀ. ਭੁੱਲਰ ਨੂੰ ਜੇਲ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ 'ਚ ਪੇਸ਼ ਕੀਤਾ ਗਿਆ ਸੀ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 8 ਦਸੰਬਰ ਨੂੰ ਹੋਣੀ ਹੈ। ਇਸ ਦੌਰਾਨ ਭੁੱਲਰ ਦੇ ਪਰਿਵਾਰ ਵਲੋਂ ਦੱਸਿਆ ਗਿਆ ਕਿ ਉਨ੍ਹਾਂ ਲਈ ਘਰੇਲੂ ਖ਼ਰਚਿਆਂ ਨੂੰ ਪੂਰਾ ਕਰਨਾ ਮੁਸ਼ਕਲ ਹੋ ਗਿਆ ਹੈ ਕਿਉਂਕਿ ਉਨ੍ਹਾਂ ਦੇ ਸਾਰੇ ਖ਼ਾਤੇ ਫ੍ਰੀਜ਼ ਕਰ ਦਿੱਤੇ ਗਏ ਹਨ।

## ਸਿਰਜਿਆ ਇਤਿਹਾਸ

# 10ਵੀਂ ਵਾਰ ਬਿਹਾਰ ਦੇ ਮੁੱਖ ਮੰਤਰੀ ਬਣੇ ਨਿਤੀਸ਼ ਕੁਮਾਰ

**ਪਟਨਾ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਜਨਤਾ ਦਲ (ਯੂਨਾਈਟਿਡ) ਦੇ ਰਾਸ਼ਟਰੀ ਪ੍ਰਧਾਨ ਨਿਤੀਸ਼ ਕੁਮਾਰ ਨੇ ਪਟਨਾ ਦੇ ਇਤਿਹਾਸਕ ਗਾਂਧੀ ਮੈਦਾਨ ਵਿੱਚ ਰਿਕਾਰਡ 10ਵੀਂ ਵਾਰ ਬਿਹਾਰ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। 74 ਸਾਲਾ ਨਿਤੀਸ਼ ਕੁਮਾਰ ਪਹਿਲੀ ਵਾਰ 2000 ਵਿੱਚ ਮੁੱਖ ਮੰਤਰੀ ਬਣੇ ਸਨ, ਪਰ ਉਨ੍ਹਾਂ ਦੀ ਸਰਕਾਰ ਸਿਰਫ਼ ਅੱਠ ਦਿਨਾਂ ਵਿੱਚ ਡਿੱਗ ਗਈ। ਉਹ ਫਿਰ 2005 ਵਿੱਚ ਦੁਬਾਰਾ ਮੁੱਖ ਮੰਤਰੀ ਬਣੇ ਅਤੇ 2014 ਤੱਕ ਸੱਤਾ ਵਿੱਚ ਰਹੇ। ਉਨ੍ਹਾਂ ਨੇ 2014 ਦੀਆਂ ਲੋਕ ਸਭਾ ਚੋਣਾਂ ਵਿੱਚ JDU ਦੇ ਮਾੜੇ ਪ੍ਰਦਰਸ਼ਨ ਦੀ ਜ਼ਿੰਮੇਵਾਰੀ ਲੈਂਦੇ ਹੋਏ ਅਸਤੀਫਾ ਦੇ ਦਿੱਤਾ, ਪਰ ਇਸ ਤੋਂ ਥੋੜ੍ਹੀ ਦੇਰ ਬਾਅਦ ਹੀ ਸੱਤਾ ਵਿੱਚ ਵਾਪਸ ਆ ਗਏ। ਪਟਨਾ ਦੇ ਗਾਂਧੀ ਮੈਦਾਨ ਵਿਖੇ ਹੋਏ ਇਸ ਸ਼ਾਨਦਾਰ ਸਮਾਰੋਹ ਵਿੱਚ ਪ੍ਰਧਾਨ ਮੰਤਰੀ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਪ੍ਰਧਾਨ ਜੇਪੀ ਨੱਡਾ ਸਮੇਤ ਕਈ ਸੀਨੀਅਰ ਭਾਜਪਾ ਆਗੂ ਮੌਜੂਦ ਸਨ। ਸਮਰਾਟ ਚੌਧਰੀ ਅਤੇ ਵਿਜੇ ਕੁਮਾਰ ਸਿਨਹਾ ਨੇ ਉਪ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਕੁੱਲ 26 ਵਿਧਾਇਕਾਂ ਨੇ ਮੰਤਰੀ ਵੱਜੋਂ ਸਹੁੰ ਚੁੱਕੀ। 14 ਭਾਜਪਾ ਕੋਟੇ ਤੋਂ, ਅੱਠ ਜੇਡੀਯੂ ਤੋਂ, ਦੋ ਐਲਜੇਪੀ (ਆਰ) ਤੋਂ, ਇੱਕ ਐਚਏਐਮ ਤੋਂ ਅਤੇ ਇੱਕ ਕੁਸ਼ਵਾਹਾ ਦੀ ਪਾਰਟੀ ਤੋਂ ਹਨ। ਇਸ ਮੰਤਰੀ ਮੰਡਲ ਵਿੱਚ ਇੱਕ ਮੁਸਲਿਮ ਚਿਹਰਾ ਸ਼ਾਮਲ ਹੈ। ਜੇਡੀਯੂ ਨੇ ਜਾਮਾ ਖਾਨ ਨੂੰ ਮੰਤਰੀ ਵਜੋਂ ਦੁਬਾਰਾ ਨਿਯੁਕਤ ਕੀਤਾ ਹੈ। ਹਰਿਆਣਾ, ਅਸਾਮ, ਗੁਜਰਾਤ, ਮੇਘਾਲਿਆ, ਉੱਤਰ ਪ੍ਰਦੇਸ਼, ਨਾਗਾਲੈਂਡ, ਓਡੀਸ਼ਾ, ਦਿੱਲੀ ਅਤੇ ਰਾਜਸਥਾਨ ਦੇ ਮੁੱਖ ਮੰਤਰੀ ਵੀ ਸ਼ਾਮਲ ਹੋਏ। ਚਿਰਾਗ ਪਾਸਵਾਨ ਨੇ ਸਟੇਜ 'ਤੇ ਮਾਂਝੀ ਅਤੇ ਜੇਪੀ ਨੱਡਾ ਦੇ ਪੈਰ ਛੂਹ ਕੇ ਉਨ੍ਹਾਂ ਦਾ ਆਸ਼ੀਰਵਾਦ ਲਿਆ। ਇਸ ਵਾਰ ਨਿਤੀਸ਼ ਦੀ ਕੈਬਨਿਟ ਵਿੱਚ ਨਵੇਂ ਚਿਹਰਿਆਂ ਨੂੰ ਮੌਕਾ ਦਿੱਤਾ ਗਿਆ ਹੈ। ਰਾਮਕ੍ਰਿਪਾਲ ਯਾਦਵ ਅਤੇ ਸ਼੍ਰੇਅਸੀ ਸਿੰਘ ਨੂੰ ਕੈਬਨਿਟ ਵਿੱਚ ਸ਼ਾਮਲ ਕੀਤਾ ਗਿਆ ਹੈ। ਚਿਰਾਗ ਦੀ ਪਾਰਟੀ ਦੇ ਦੋ ਵਿਧਾਇਕਾਂ ਨੂੰ ਮੰਤਰੀ ਬਣਾਇਆ ਗਿਆ ਹੈ, ਜਿਨ੍ਹਾਂ ਵਿੱਚ ਸੰਜੇ ਸਿੰਘ ਵੀ ਸ਼ਾਮਲ ਹਨ। ਸੰਜੇ ਸਿੰਘ ਨੇ ਮਹੂਆ ਤੋਂ ਚੋਣ ਜਿੱਤੀ। ਉਨ੍ਹਾਂ ਨੇ ਲਾਲੂ ਯਾਦਵ ਦੇ ਪੁੱਤਰ ਤੇਜ ਪ੍ਰਤਾਪ ਨੂੰ ਹਰਾਇਆ। ਨਿਤੀਸ਼ ਕੁਮਾਰ ਦੀ ਕੈਬਨਿਟ 'ਚ ਦੋ ਉਪ ਮੁੱਖ ਮੰਤਰੀ ਤੋਂ ਇਲਾਵਾ, ਮੰਤਰੀਆਂ 'ਚ ਵਿਜੇ ਕੁਮਾਰ ਚੌਧਰੀ, ਵਿਜੇਂਦਰ ਯਾਦਵ, ਸ਼ਰਵਣ ਕੁਮਾਰ, ਮੰਗਲ ਪਾਂਡੇ, ਦਲੀਪ ਜੈਸਵਾਲ, ਅਸ਼ੋਕ ਚੌਧਰੀ, ਲੈਸੀ ਸਿੰਘ, ਮਦਨ ਸਾਹਨੀ, ਨਿਤਿਨ ਨਵੀਨ, ਰਾਮਕ੍ਰਿਪਾਲ ਯਾਦਵ, ਸੰਤੋਸ਼ ਕੁਮਾਰ ਸੁਮਨ, ਸੁਨੀਲ ਕੁਮਾਰ, ਮੁਹੰਮਦ ਜਾਮਾ, ਸੰਜੇ ਸਿੰਘ ਟਾਈਗਰ, ਅਰੁਣ ਸ਼ੰਕਰ ਪ੍ਰਸਾਦ, ਸੁਰਿੰਦਰ ਮਹਿਤਾ, ਨਰਾਇਣ ਪ੍ਰਸਾਦ, ਰਾਮ ਨਿਸ਼ਾਦ, ਲਖੇਂਦਰ ਕੁਮਾਰ, ਸ਼੍ਰੇਅਸੀ ਸਿੰਘ, ਪ੍ਰਮੋਦ ਕੁਮਾਰ, ਸੰਜੇ ਕੁਮਾਰ, ਸੰਜੇ ਕੁਮਾਰ ਸਿੰਘ ਅਤੇ ਦੀਪਕ ਪ੍ਰਕਾਸ਼ ਦੇ ਨਾਂਅ ਸ਼ਾਮਲ ਹਨ।



## ਅੰਮ੍ਰਿਤਪਾਲ ਸਿੰਘ ਦੀ ਪੈਰੋਲ ਪਟੀਸ਼ਨ 'ਤੇ ਸੁਣਵਾਈ ਅੱਜ



**ਚੰਡੀਗੜ੍ਹ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਚੰਡੀਗੜ੍ਹ (ਸੁਸ਼ੀਲ ਗੰਭੀਰ): ਪੰਜਾਬ ਤੇ ਹਰਿਆਣਾ ਹੋਈ ਕੋਰਟ ਨੇ ਡਿਬਰੂਗੜ੍ਹ ਜੇਲ੍ਹ ਵਿਚ ਨੈਸ਼ਨਲ ਸਿਕਿਓਰਿਟੀ ਐਕਟ ਤਹਿਤ ਬੰਦ ਲੋਕ ਸਭਾ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਪਟਿਸ਼ਨ ਦੀ ਸੁਣਵਾਈ ਕਰਨ ਦਾ ਫ਼ੈਸਲਾ ਲਿਆ ਹੈ। ਇਸ ਪਟੀਸ਼ਨ ਦੀ ਸੁਣਵਾਈ 21 ਨਵੰਬਰ ਨੂੰ ਹੋਵੇਗੀ। ਅੱਜ ਇਸ ਮਾਮਲੇ ਦੀ ਮੈਨਸ਼ਿਨੰਗ ਚੀਫ ਜਸਟਿਸ ਸ਼ੀਲ ਨੱਗੂ ਦੀ ਪ੍ਰਧਾਨਗੀ ਵਾਲੀ ਡਵੀਜ਼ਨ ਬੈਂਚ ਅੱਗੇ ਹੋਈ, ਜਿਸ 'ਤੇ ਕੋਰਟ ਨੇ ਸ਼ੁੱਕਰਵਾਰ ਨੂੰ ਸੁਣਵਾਈ ਕਰਨ ਦਾ ਫ਼ੈਸਲਾ ਲਿਆ। ਅੰਮ੍ਰਿਤਪਾਲ ਸਿੰਘ ਨੇ 1 ਤੋਂ 19 ਦਸੰਬਰ ਤਕ ਹੋਣ ਵਾਲੇ ਸੰਸਦ ਦੇ ਸਰਦ ਰੁੱਤ ਸੈਸ਼ਨ ਵਿਚ ਸ਼ਾਮਲ ਹੋਣ ਲਈ ਅਸਥਾਈ ਰਿਹਾਈ ਦੀ ਮੰਗ ਕਰਦਿਆਂ NSA ਦੀ ਧਾਰਾ 15 ਦਾ ਹਵਾਲਾ ਦਿੱਤਾ ਹੈ, ਜਿਸ ਤਹਿਤ ਅਸਧਾਰਨ ਹਾਲਾਤ ਵਿਚ ਪੈਰੋਲ ਦਿੱਤੀ ਜਾ ਸਕਦੀ ਹੈ। ਸੁਣਵਾਈ ਦੌਰਾਨ ਉਨ੍ਹਾਂ ਦੇ ਵਕੀਲ ਨੇ ਦੱਸਿਆ ਕਿ ਪਿਛਲੀ ਪਟੀਸ਼ਨ ਵਿਚ ਹਾਈ ਕੋਰਟ ਨੇ ਢੁਕਵੀਂ ਪ੍ਰਤੀਨਿਧਤਾ ਭੇਜਣ ਦੀ ਇਜਾਜ਼ਤ ਦਿੱਤੀ ਗਈ ਸੀ, ਜੋ ਹੁਣ ਭੇਜ ਦਿੱਤਾ ਗਿਆ ਹੈ। ਇਸ 'ਤੇ ਬੈਂਚ ਨੇ ਪੁੱਛਿਆ ਕਿ ਉਨ੍ਹਾਂ ਦੇ NSA ਡਿਟੈਂਸ਼ਨ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਦਾ ਕੀ ਹੋਇਆ ? ਚੀਫ਼ ਜਸਟਿਸ ਨੇ ਕਿਹਾ, "ਜਦੋਂ ਤਕ ਡਿਟੈਂਸ਼ਨ 'ਤੇ ਰੋਕ ਨਹੀਂ ਲਗਦੀ, ਉਹ ਸੰਸਦ ਵਿਚ ਕਿਵੇਂ ਸ਼ਾਮਲ ਹੋਣਗੇ ?" ਵਕੀਲ ਨੇ ਜਵਾਬ ਦਿੱਤਾ ਕਿ ਦੋਵੇਂ ਮਾਮਲੇ ਵੱਖਰੇ ਹਨ ਤੇ ਸੰਸਦ ਵਿਚ ਸ਼ਾਮਲ ਹੋਣ ਲਈ ਧਾਰਾ 15 ਤਹਿਤ ਰਾਹਤ ਮੰਗੀ ਜਾ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅੰਮ੍ਰਿਤਪਾਲ ਨੂੰ ਪਹਿਲਾਂ ਸਹੁੰ ਚੁੱਕਣ ਲਈ ਵੀ ਚਾਰ ਦਿਨ ਰਿਹਾਈ ਮਿਲੀ ਸੀ। ਪਟੀਸ਼ਨ ਵਿਚ ਕਿਹਾ ਗਿਆ ਹੈ ਕਿ ਅਪ੍ਰੈਲ 2023 ਤੋਂ ਪ੍ਰਿਵੈਂਟਿਵ ਡਿਟੈਂਸ਼ਨ ਵਿਚ ਰਹਿਣ ਦੇ ਬਾਵਜੂਦ ਉਹ 2024 ਲੋਕ ਸਭਾ ਚੋਣਾਂ ਵਿਚ ਖਡੂਰ ਸਾਹਿਬ ਤੋਂ ਤਕਰੀਬਨ 4 ਲੱਖ ਵੋਟਾਂ ਨਾਲ ਜਿੱਤ ਕੇ ਪਹੁੰਚੇ ਤੇ ਤਕਰੀਬਨ 19 ਲੱਖ ਵੋਟਰਾਂ ਦੀ ਨੁਮਾਇੰਦਗੀ ਕਰਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਨਿਰਦੇਸ਼ ਦੇਣ ਦੀ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਪੈਰੋਲ 'ਤੇ ਰਿਹਾਅ ਕੀਤਾ ਜਾਵੇ ਜਾਂ ਬਦਲਵੇਂ ਤੌਰ 'ਤੇ ਸੰਸਦ ਸੈਸ਼ਨ ਦੌਰਾਨ ਉਨ੍ਹਾਂ ਦੀ ਵਿਅਕਤੀਗਤ ਹਾਜ਼ਰੀ ਯਕੀਨੀ ਬਣਾਈ ਜਾਵੇ।

## ਦਿੱਲੀ ਬਲਾਸਟ ਮਾਮਲੇ 'ਚ ©91 ਨੂੰ ਵੱਡੀ ਸਫ਼ਲਤਾ, ਡਾਕਟਰ ਸ਼ਾਹੀਨ, ਮੁਜਾਮਿਲ ਸਮੇਤ ਚਾਰ ਮੁਲਜ਼ਮ ਕਾਬੂ

**ਨਵੀਂ ਦਿੱਲੀ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਰਾਜਧਾਨੀ ਦਿੱਲੀ ਵਿੱਚ ਲਾਲ ਕਿਲ੍ਹੇ ਦੇ ਕੰਪਲੈਕਸ ਦੇ ਬਾਹਰ 10 ਨਵੰਬਰ ਨੂੰ ਹੋਏ ਆਈ.ਈ.ਡੀ. ਧਮਾਕੇ ਦੇ ਮਾਮਲੇ ਵਿੱਚ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (NIA) ਦੀ ਜਾਂਚ ਤੇਜ਼ੀ ਨਾਲ ਅੱਗੇ ਵਧ ਰਹੀ ਹੈ। NIA ਨੂੰ ਇਸ ਜਾਂਚ ਵਿੱਚ ਇੱਕ ਵੱਡੀ ਸਫ਼ਲਤਾ ਮਿਲੀ ਹੈ, ਜਿਸ ਤਹਿਤ ਏਜੰਸੀ ਨੇ ਧਮਾਕੇ ਦੇ ਚਾਰ ਹੋਰ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਨ੍ਹਾਂ ਨਵੀਆਂ ਗ੍ਰਿਫ਼ਤਾਰੀਆਂ ਦੇ ਨਾਲ, ਇਸ ਮਾਮਲੇ ਵਿੱਚ ਕੁੱਲ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਗਿਣਤੀ ਛੇ ਹੋ ਗਈ ਹੈ। ਜਾਂਚ ਅਨੁਸਾਰ, ਇਹ ਧਮਾਕਾ 10 ਨਵੰਬਰ ਨੂੰ ਲਾਲ ਕਿਲ੍ਹੇ ਦੇ ਪਰਿਸਰ ਦੇ ਬਾਹਰ ਹੋਇਆ ਸੀ। ਇਸ ਹਮਲੇ ਵਿੱਚ 13 ਮਾਸੂਮ ਲੋਕਾਂ ਦੀ ਜਾਨ ਗਈ ਸੀ ਅਤੇ ਕਈ ਹੋਰ ਜ਼ਖਮੀ ਹੋਏ ਸਨ।




**ਕੌਣ-ਕੌਣ ਹੋਏ ਗ੍ਰਿਫ਼ਤਾਰ ?**

ਗ੍ਰਿਫ਼ਤਾਰ ਕੀਤੇ ਗਏ ਚਾਰ ਨਵੇਂ ਮੁਲਜ਼ਮਾਂ ਦੀ ਪਛਾਣ :

1. ਡਾਕਟਰ ਮੁਜਾਮਿਲ ਸ਼ਕੀਲ ਗਨਈ (ਪੁਲਵਾਮਾ)
2. ਡਾਕਟਰ ਅਦੀਲ ਅਹਿਮਦ ਰਾਥਰ (ਅਨੰਤਨਾਗ)
3. ਡਾਕਟਰ ਸ਼ਾਹੀਨ ਸਈਦ (ਲਖਨਊ)
4. ਮੁਫ਼ਤੀ ਇਰਫ਼ਾਨ ਅਹਿਮਦ ਵਗੇ (ਸ਼ੋਪੀਆਂ)

ਜਾਂਚ ਏਜੰਸੀ ਅਨੁਸਾਰ, ਇਨ੍ਹਾਂ ਸਾਰਿਆਂ ਨੇ ਇਸ ਹਮਲੇ ਵਿੱਚ ਅਹਿਮ ਭੂਮਿਕਾ ਨਿਭਾਈ ਸੀ। NIA ਨੇ ਸ਼੍ਰੀਨਗਰ ਵਿੱਚ ਪਟਿਆਲਾ ਹਾਊਸ ਕੋਰਟ ਦੇ ਪ੍ਰੋਡਕਸ਼ਨ ਆਰਡਰ 'ਤੇ ਇਨ੍ਹਾਂ ਨੂੰ ਹਿਰਾਸਤ ਵਿੱਚ ਲਿਆ ਹੈ।

**ਪਹਿਲਾਂ ਫੜੇ ਗਏ ਦੋ ਮੁਲਜ਼ਮ**

ਇਸ ਤੋਂ ਪਹਿਲਾਂ, NIA ਨੇ ਦੋ ਹੋਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ:

1. ਆਮਿਰ ਰਸ਼ੀਦ ਅਲੀ, ਜਿਸਦੇ ਨਾਮ 'ਤੇ ਧਮਾਕੇ ਵਿੱਚ ਵਰਤੀ ਗਈ ਕਾਰ ਸੀ।
2. ਜਸਿਰ ਬਿਲਾਲ ਵਾਨੀ ਉਰਫ ਦਾਨਿਸ਼, ਜਿਸ ਨੇ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ ਸੀ। ਏਜੰਸੀ ਦੇ ਅਧਿਕਾਰੀ ਪੂਰੀ ਸਾਜ਼ਿਸ਼ ਨੂੰ ਬੇਨਕਾਬ ਕਰਨ ਲਈ ਕਈ ਰਾਜਾਂ ਦੀ ਪੁਲਸ ਨਾਲ ਮਿਲ ਕੇ ਜਾਂਚ ਨੂੰ ਅੱਗੇ ਵਧਾ ਰਹੇ ਹਨ। ਗ੍ਰਹਿ ਮੰਤਰਾਲੇ ਦੁਆਰਾ ਇਹ ਜਾਂਚ NIA ਨੂੰ ਸੌਂਪੀ ਗਈ ਸੀ।

## ਪੰਜਾਬ 'ਚ ਕਿਸਾਨਾਂ ਨੇ ਦਿੱਤੀ ਚੇਤਾਵਨੀ, 17-18 ਦਸੰਬਰ ਨੂੰ ਰੇਲਵੇ ਟਰੈਕ ਕਰਨਗੇ ਜਾਮ !



**ਚੰਡੀਗੜ੍ਹ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਵਿੱਚ ਕਿਸਾਨ ਜਥੇਬੰਦੀਆਂ ਨੇ ਵੱਡਾ ਐਲਾਨ ਕੀਤਾ ਹੈ। ਉਨ੍ਹਾਂ ਐਲਾਨ ਕੀਤਾ ਕਿ ਉਹ 17 ਅਤੇ 18 ਦਸੰਬਰ ਨੂੰ ਜ਼ਿਲ੍ਹਾ ਮੈਜਿਸਟਰੇਟ ਦਫ਼ਤਰ ਦੇ ਬਾਹਰ ਧਰਨਾ ਦੇਣਗੇ। ਕਿਸਾਨਾਂ ਨੇ ਇਹ ਵੀ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ ਗਈਆਂ ਤਾਂ ਉਹ 19 ਦਸੰਬਰ ਨੂੰ ਪੂਰੇ ਖੇਤਰ ਵਿੱਚ ਰੇਲਵੇ ਟਰੈਕ ਜਾਮ ਕਰਕੇ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕਰਨਗੇ। ਦੱਸ ਦਈਏ ਕਿ ਨਾਭਾ ਵਿੱਚ ਇੱਕ ਸਰਕਾਰੀ ਬੰਗਲੇ ਵਿੱਚੋਂ ਟਰਾਲੀ ਦੇ ਪੁਰਜ਼ੇ ਅਤੇ ਹੋਰ ਚੋਰੀ ਹੋਈਆਂ ਚੀਜ਼ਾਂ ਬਰਾਮਦ ਹੋਣ ਤੋਂ ਬਾਅਦ ਵਿਵਾਦ ਹੋਰ ਵੀ ਵੱਧ ਗਿਆ ਹੈ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਇਸ ਘਟਨਾ ਨੇ ਪ੍ਰਸ਼ਾਸਨਿਕ ਲਾਪਰਵਾਹੀ ਨੂੰ ਸਾਹਮਣੇ ਲਿਆ ਦਿੱਤਾ ਹੈ। ਕਿਸਾਨ ਸਮੂਹਾਂ ਨੇ ਸਪੱਸ਼ਟ ਕੀਤਾ ਹੈ ਕਿ ਢੁਕਵੀਂ ਕਾਰਵਾਈ ਅਤੇ ਜਵਾਬ ਦਿੱਤੇ ਜਾਣ ਤੱਕ ਅੰਦੋਲਨ ਜਾਰੀ ਰਹੇਗਾ। (ਫਾਈਲ ਫੋਟੋ)

## ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ 'ਤੇ ਫ਼ੈਸਲਾ ਸੁਰੱਖਿਅਤ



ਸੀਨੀਅਰ ਅਕਾਲੀ ਆਗੂ ਬਿਕਰਮ ਮਜੀਠੀਆ ਦੀ ਜ਼ਮਾਨਤ ਪਟੀਸ਼ਨ ਨੂੰ ਲੈ ਕੇ ਵੱਡੀ ਖ਼ਬਰ ਸਾਹਮਣੇ ਆਈ ਹੈ। ਅੱਜ ਸੀਨੀਅਰ ਅਕਾਲੀ ਆਗੂ ਬਿਕਰਮ ਮਜੀਠੀਆ ਦੀ ਜ਼ਮਾਨਤ ਅਰਜ਼ੀ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਸੁਣਵਾਈ ਹੋਈ। ਇਸ ਦੌਰਾਨ ਅਦਾਲਤ ਨੇ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਹੈ।

## ਪੰਜਾਬ ਰੋਡਵੇਜ਼ ,ਪਨਬੱਸ/ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਵੱਲੋਂ 8 ਤੋਂ ਲੈ ਕੇ 10 ਦਸੰਬਰ ਤੱਕ ਪੰਜਾਬ ਭਰ 'ਚ ਹੜਤਾਲ ਦਾ ਐਲਾਨ

**ਚੰਡੀਗੜ੍ਹ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਪੰਜਾਬ 'ਚ ਬੱਸਾਂ ਵਿੱਚ ਸਫ਼ਰ ਕਰਨ ਵਾਲੇ ਲੋਕਾਂ ਨੂੰ ਇੱਕ ਵਾਰ ਫਿਰ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਦਰਅਸਲ 'ਚ ਪੰਜਾਬ ਰੋਡਵੇਜ਼ ,ਪਨਬੱਸ/ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਵੱਲੋਂ 8 ਤੋਂ ਲੈ ਕੇ 10 ਦਸੰਬਰ ਤੱਕ ਪੰਜਾਬ ਭਰ 'ਚ ਹੜਤਾਲ ਦਾ ਐਲਾਨ ਕੀਤਾ ਗਿਆ ਹੈ। ਇਸ ਦਿਨ ਬੱਸਾਂ ਦਾ ਚੱਕਾ ਜਾਮ ਰਹੇਗਾ। ਇਸ ਦੇ ਨਾਲ ਹੀ 28 ਨਵੰਬਰ ਅਤੇ 2 ਦਸੰਬਰ ਨੂੰ ਗੇਟ ਰੈਲੀਆਂ ਕੀਤੀਆਂ ਜਾਣਗੀਆਂ। ਕੱਚੇ ਮੁਲਾਜ਼ਮਾਂ ਨੇ ਕਿਹਾ ਜੇਕਰ ਕਿਲੋਮੀਟਰ ਸਕੀਮ ਦਾ ਟੈਂਡਰ ਖੋਲ੍ਹਿਆ ਤਾਂ ਪੰਜਾਬ ਭਰ 'ਚ ਮੁਲਾਜ਼ਮਾਂ ਵੱਲੋਂ ਮੁਕੰਮਲ ਹੜਤਾਲ ਕੀਤੀ ਜਾਵੇਗੀ।

## ਯੂ-ਟਿਊਬ ਨੇ ਸ਼੍ਰੋਮਣੀ ਕਮੇਟੀ ਦਾ ਚੈਨਲ ਹਫ਼ਤੇ ਲਈ ਕੀਤਾ ਮੁਅੱਤਲ , ਜਾਣੋ ਸੰਗਤ ਕਿੱਥੇ ਦੇਖ ਸਕਦੀ ਹੈ ਗੁਰਬਾਣੀ ਕੀਰਤਨ ਪ੍ਰਸਾਰਣ



**ਅੰਮ੍ਰਿਤਸਰ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਕਮੇਟੀ ਵੱਲੋਂ ਯੂਟਿਊਬ ਉੱਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਕੀਰਤਨ ਪ੍ਰਸਾਰਣ ਸਬੰਧੀ ਅਹਿਮ ਜਾਣਕਾਰੀ ਸਾਂਝੀ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਯੂਟਿਊਬ ਨੇ ਸ਼੍ਰੋਮਣੀ ਕਮੇਟੀ ਦਾ ਅਧਿਕਾਰਤ ਗੁਰਬਾਣੀ ਕੀਰਤਨ ਪ੍ਰਸਾਰਣ ਚੈਨਲ ਹਫ਼ਤੇ ਲਈ ਮੁਅੱਤਲ ਕਰ ਦਿੱਤਾ ਹੈ। ਹੁਣ ਸੰਗਤ PTC Simran ਅਤੇ PTC Punjabi 'ਤੇ ਗੁਰਬਾਣੀ ਕੀਰਤਨ ਪ੍ਰਸਾਰਣ ਦੇਖ ਸਕਦੀ ਹੈ। ਇਸ ਤੋਂ ਇਲਾਵਾ ਸੰਗਤ SGPC ਦੇ ਦੂਸਰੇ ਅਧਿਕਾਰਤ ਚੈਨਲ https://youtube.com/'officialsgpc 'ਤੇ ਵੀ ਗੁਰਬਾਣੀ ਨਾਲ ਜੁੜ ਸਕਦੀ ਹੈ। 31 ਅਕਤੂਬਰ 2025 ਨੂੰ 1984 ਨਾਲ ਸਬੰਧਤ ਵੀਡੀਓ ਨੂੰ ਲੈ ਕੇ ਪ੍ਰਸਾਰਣ ਮੁਅੱਤਲ ਹੋਇਆ ਹੈ। ਯੂਟਿਊਬ ਵੱਲੋਂ ਅੱਜ ਮਿਤੀ 19 ਨਵੰਬਰ 2025 ਨੂੰ ਸੰਧਿਆ ਵੇਲੇ ਚੱਲਦੇ ਰਹਿਰਾਸ ਸਾਹਿਬ ਦੇ ਪਾਠ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਕੀਰਤਨ ਪ੍ਰਸਾਰਣ ਵਾਲੇ ਅਧਿਕਾਰਤ ਯੂਟਿਊਬ ਚੈਨਲ SGPC, Sri Amritsar 'SGPCSriAmritsar ਉੱਤੇ ਇੱਕ ਪਹਿਲਾਂ ਪਾਈ ਵੀਡੀਓ ਵਿਰੁੱਧ ਆਪਣੀ ਨੀਤੀ ਤਹਿਤ ਕਾਰਵਾਈ ਕਰਦਿਆਂ ਚੈਨਲ ਦੀ ਗਤੀਵਿਧੀ ਨੂੰ ਇੱਕ ਹਫ਼ਤੇ ਲਈ ਮੁਅੱਤਲ ਕਰ ਦਿੱਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ 31 ਅਕਤੂਬਰ 2025 ਨੂੰ ਪਾਈ ਗਈ ਸਬੰਧਤ ਵੀਡੀਓ ਵਿੱਚ ਸਿੱਖ ਪ੍ਰਚਾਰਕ ਵੱਲੋਂ ਵਿਚਾਰ ਰੱਖਦਿਆਂ ਕੁਝ ਪ੍ਰਗਟਾਵੇ ਕੀਤੇ ਗਏ ਸਨ, ਜੋ 1984 ਵਿੱਚ ਵਾਪਰੀਆਂ ਘਟਨਾਵਾਂ ਨਾਲ ਸਬੰਧਤ ਸਿੱਖ ਇਤਿਹਾਸ ਦਾ ਹਿੱਸਾ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਉੱਤੇ ਆਪਣਾ ਸਿੱਖ ਪੱਖ ਯੂਟਿਊਬ ਨਾਲ ਸਾਂਝਾ ਕਰ ਰਹੀ ਹੈ ਪਰੰਤੂ ਜਦੋਂ ਤੱਕ ਇਹ ਮਾਮਲਾ ਹੱਲ ਨਹੀਂ ਹੋ ਜਾਂਦਾ ਉਦੋਂ ਤੱਕ ਸੰਗਤ ਨੂੰ ਅਪੀਲ ਹੈ ਕਿ ਯੂਟਿਊਬ ਉੱਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਰੋਜ਼ਾਨਾ ਗੁਰਬਾਣੀ ਕੀਰਤਨ ਪ੍ਰਸਾਰਣ ਨਾਲ ਜੁੜਨ ਲਈ ਸ਼੍ਰੋਮਣੀ ਕਮੇਟੀ ਦੇ ਦੂਸਰੇ ਅਧਿਕਾਰਤ ਚੈਨਲ https://youtube.com/'officialsgpc ਨਾਲ ਜੁੜਿਆ ਜਾਵੇ।

**ਸੱਦਾ ਪੱਤਰ**

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)


ਆਵਾਜ਼ਿ ਕੌਮ AWAZE QAUM International Newspaper & WEB TV



# ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
# ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ







# ਗੁਰਮਤਿ ਸਮਾਗਮ

**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**



ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ


ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧਰਮ ਪ੍ਰਚਾਰਕ ਸਿੱਖ ਸੰਸਥਾ ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

## ਨਾਨਕਿਆਣਾ ਚੌਕ ਵਿਖੇ ਖੰਡਾ ਸਾਹਿਬ ਸੁਸ਼ੋਭਿਤ

# ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਉਪਰਾਲਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਸਨਮੁੱਖ ਨਾਨਕਿਆਣਾ ਚੌਕ ਵਿਖੇ ਖੰਡਾ ਸਾਹਿਬ ਸੁਸ਼ੋਭਿਤ ਕੀਤਾ ਗਿਆ ਹੈ, ਜਿਸ ਨੂੰ ਅੱਜ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਸੰਗਤ ਨੂੰ ਸਮਰਪਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਬੀਤੇ ਦਿਨ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਵਿਖੇ ਅਰਦਾਸ ਉਪਰੰਤ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਨਾਨਕਿਆਣਾ ਚੌਕ ਦੇ ਸੁੰਦਰੀਕਰਨ ਅਤੇ ਖੰਡਾ ਸਾਹਿਬ ਸਥਾਪਤ ਕਰਨ ਦੇ ਕਾਰਜ ਦੀ ਸ਼ੁਰੂਆਤ ਕਰਵਾਈ ਸੀ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਸੰਗਰੂਰ ਸ਼ਹਿਰ ਦਾ ਪ੍ਰਸਿੱਧ ਨਾਨਕਿਆਣਾ ਚੌਕ ਨੂੰ ਨਵੀਂ ਦਿਖ ਨਾਲ ਸਜਾਇਆ ਗਿਆ ਹੈ ਤੇ ਚੌਕ ਵਿੱਚ ਖੰਡਾ ਸਾਹਿਬ ਦੀ ਸਥਾਪਨਾ, ਇਸ ਦਾ ਕੇਂਦਰੀ ਆਕਰਸ਼ਣ ਬਣੀ ਹੈ, ਜੋ ਸੂਰਬੀਰਤਾ, ਸੇਵਾ ਅਤੇ ਨਿਆਂਇਕ ਪਰੰਪਰਾ ਦਾ ਮਜ਼ਬੂਤ ਪ੍ਰਤੀਕ ਹੋਣ ਦੇ ਨਾਲ-ਨਾਲ ਸੰਗਰੂਰ ਦੀ ਧਾਰਮਿਕ ਸਾਂਝ ਨੂੰ ਹੋਰ ਮਜ਼ਬੂਤ ਕਰੇਗੀ। ਸ਼੍ਰੀਮਤੀ ਭਰਾਜ ਨੇ ਕਿਹਾ ਕਿ ਖੰਡਾ ਸਾਹਿਬ ਦੀ ਸਥਾਪਨਾ ਸੂਰਬੀਰਤਾ ਅਤੇ ਤਿਆਗ ਦੇ ਸੰਦੇਸ਼ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਲਈ ਇੱਕ ਮਹੱਤਵਪੂਰਨ ਪਹਿਲ ਹੈ। ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਭਰ ਵਿੱਚ ਹੋ ਰਹੀਆਂ ਗਤੀਵਿਧੀਆਂ ਦਾ ਮਕਸਦ ਲੋਕਾਂ ਵਿੱਚ ਮਨੁੱਖਤਾ ਦੇ ਉੱਚ ਆਦਰਸ਼ਾਂ ਨੂੰ ਫੈਲਾਉਣਾ ਹੈ। ਇਸੇ ਤਰ੍ਹਾਂ, ਸੰਗਰੂਰ ਵਿੱਚ ਵੀ ਵੱਖ-ਵੱਖ ਸਮਾਗਮ ਲਗਾਤਾਰ ਕਰਵਾਏ ਜਾ ਰਹੇ ਹਨ। ਚੌਕ ਦੇ ਸੁੰਦਰੀਕਰਨ ਪ੍ਰੋਜੈਕਟ ਨੂੰ ਮਨੁੱਖੀ ਜਜ਼ਬੇ ਅਤੇ ਸੇਵਾ ਭਾਵ ਨੂੰ ਸਨਮੁੱਖ ਰੱਖਦਿਆਂ ਤਿਆਰ ਕੀਤਾ ਗਿਆ ਹੈ। ਸਥਾਨਕ ਨਾਗਰਿਕਾਂ ਨੇ ਵੀ ਇਸ ਉਪਰਾਲੇ ਲਈ ਵਿਧਾਇਕ ਦਾ ਧੰਨਵਾਦ ਕੀਤਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ ਵੱਖ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਸ਼ਹਿਰ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਐੱਸ ਆਰ ਕਲੇਰ ਵੱਲੋਂ ਜ਼ਿਲ੍ਹਾ ਪ੍ਰਧਾਨਾਂ ਸਰਕਲ ਪ੍ਰਧਾਨ ਅਤੇ

# ਆਗੂਆਂ ਨਾਲ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਸਬੰਧੀ ਮੀਟਿੰਗ



**ਜਗਰਾਉਂ (ਵਰਿਆਮ ਹਠੂਰ)**-ਅੱਜ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐੱਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਓਂ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਧਾਨ (ਲੁਧਿਆਣਾ ਦਿਹਾਤੀ) ਅਤੇ ਸਰਕਲ ਪ੍ਰਧਾਨ ਤੇ ਆਗੂਆਂ ਨਾਲ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਨੂੰ ਲੈਕੇ ਵਿਸ਼ੇਸ਼ ਮੀਟਿੰਗ ਹੋਈ । ਜਿਸ ਵਿੱਚ ਚੋਣਾਂ ਨੂੰ ਲੈਕੇ ਖੁੱਲ ਕੇ ਵਿਚਾਰ ਚਰਚਾ ਕੀਤੀ ਗਈ। ਤੇ ਹਲਕੇ ਦੇ ਸਮੁੱਚੇ ਵਰਕਰਾਂ ਤੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਇਹ ਚੋਣਾਂ ਡੱਟ ਕੇ ਲੜਨ। ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਤਿੰਨ ਜੋਨ ਮਾਣੂੰਕੇ, ਗਾਲਿਬ ਕਲਾਂ ਅਤੇ ਸਿੱਧਵਾਂ ਕਲਾਂ ਬਣਾਏ ਗਏ ਜਿਨਾਂ ਵਿੱਚ ਸੀਨੀਅਰ ਆਗੂਆਂ ਦੀਆ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਹਾਜ਼ਰ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਦਿਹਾਤੀ ਸ. ਚੰਦ ਸਿੰਘ ਡੱਲਾ , ਸਾਬਕਾ ਚੇਅਰਮੈਨ ਸ ਦੀਦਾਰ ਸਿੰਘ ਮਲਕ, ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਸ. ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਤੇਜਿੰਦਰਪਾਲ ਸਿੰਘ ਕੰਨਿਆ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਓਂ, ਆਈ ਟੀ ਵਿੰਗ ਹਲਕਾ ਇੰਚਾਰਜ ਸੁਖਦੇਵ ਸਿੰਘ ਜੱਗਾ ਕਾਉਂਕੇ, ਐਸ ਸੀ ਵਿੰਗ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ ਸਾਬਕਾ ਸਰਪੰਚ, ਗੁਰਪ੍ਰੀਤ ਸਿੰਘ ਕਾਉਂਕੇ ਤੇ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ 'ਚ ਦਿਨੋਂ ਦਿਨ ਵਧ ਰਹੀਆਂ, ਚੋਰੀ, ਗੋਲੀਬਾਰੀ, ਗੈਂਗਸਟਰ ਦਾ ਬੋਲਬਾਲਾ ਚਿੰਤਾ ਦਾ ਵਿਸ਼ਾ : ਜਸਵੰਤ ਸਿੰਘ ਹਰਪੁਰਾ



ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ )-ਪਿਛਲੇ ਕੁਝ ਸਮੇਂ ਤੋਂ ਸੂਬੇ ਚ ਦਿਨੋ ਦਿਨ ਵਧ ਰਹੀਆਂ ਚੋਰੀ ਅਤੇ ਗੋਲੀਬਾਰੀ ਦੀਆਂ ਦੁਰਘਟਨਾਵਾਂ ਆਮ ਪਬਲਿਕ ਦੀ ਸੁਰੱਖਿਆ ਪ੍ਰਤੀ ਸਰਕਾਰ ਦੇ ਇੰਤਜ਼ਾਮਾਂ ਤੇ ਬਹੁਤ ਬੜਾ ਸਵਾਲੀਆਂ ਨਿਸ਼ਾਨ ਲਗਾ ਰਹੀਆਂ ਹਨ, ਜੋ ਕਿ ਚਿੰਤਾ ਦਾ ਵਿਸ਼ਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਨੇ ਕੀਤਾ। ਉਹਨਾਂ ਕਿਹਾ ਪਿਛਲੇ ਕੁਝ ਸਮੇਂ ਤੋਂ ਪੂਰੇ ਸੂਬੇ ਭਰ ਚ ਚੋਰੀ, ਗੋਲੀਬਾਰੀ ਅਤੇ ਫਿਰੋਤੀ ਮੰਗ ਵਰਗੀਆਂ ਦੁਰਘਟਨਾਵਾਂ ਨੇ ਆਮ ਲੋਕਾਂ ਚ ਡਰ ਦਾ ਮਾਹੌਲ ਪੈਦਾ ਕੀਤਾ ਹੋਇਆ ਜੋ ਕਿ ਚਿੰਤਾ ਦਾ ਵਿਸ਼ਾ ਹੈ ਅਤੇ ਇਸ ਨਾਲ ਸੂਬਾ ਸਰਕਾਰ ਦੇ ਸੁਰੱਖਿਆ ਇੰਤਜ਼ਾਮਾਂ ਦੇ ਬਹੁਤ ਵੱਡਾ ਸਵਾਲੀਆ ਨਿਸ਼ਾਨ ਲੱਗ ਰਿਹਾ ਹੈ ਕਿ ਸਰਕਾਰ ਦੀ ਮੁੱਖ ਡਿਊਟੀ ਆਮ ਪਬਲਿਕ ਦੀ ਸੁਰੱਖਿਆ ਨੂੰ ਯਕੀਨੀ

ਬਣਾਉਣਾ ਹੁੰਦਾ ਹੈ ਪਰ ਇਥੇ ਤਾਂ ਪੂਰੀ ਤਰਾਂ ਫੈਲਾ ਦਿਖ ਰਹੀ ਹੈਤਾ ਕਿਉਂਕਿ ਅੱਜ ਕੋਈ ਵੀ ਆ ਕੇ ਕਿਸੇ ਦੇ ਘਰ ਤੇ ਆ ਕੇ ਗੋਲੀਬਾਰੀ ਕਰ ਕੇ ਚਲਾ ਜਾਂਦਾ ਹੈ। ਦਿਨ ਦਿਹਾੜੇ ਕਤਲ ਹੋ ਰਹੇ ਹਨ ਵਪਾਰੀ ਵਰਗ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ, ਲੀਡਰ ਸਹਿਬਾਂਨ 15 ਤੋਂ 20 ਦੀ ਗਿਣਤੀ ਚ ਸੁਰੱਖਿਆ ਕਰਮੀ ਲੈ ਕੇ ਘੁੰਮ ਰਹੇ ਹਨ ਅਤੇ ਆਮ ਪਬਲਿਕ ਦੀ ਸੁਰੱਖਿਆ ਨੂੰ ਛਿੱਕੇ ਟੰਗਿਆ ਹੋਇਆ ਹੈ ਅਤੇ ਉਸਨੂੰ ਇਹਨਾਂ ਗੈਂਗਸਟਰਾਂ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਦੂਜਿਆ ਸੂਬਿਆਂ ਤੋਂ ਨਜਾਇਜ ਹਥਿਆਰਾਂ ਦੀ ਤਸਕਰੀ ਧੜੱਲੇ ਨਾਲ ਹੋ ਰਹੀ ਹੈ,ਇਸ ਤੇ ਰੋਕ ਲਈ ਸਖ਼ਤ ਕਾਨੂੰਨ ਬਣਾਏ ਜਾਣੇ ਚਾਹੀਦੇ ਹਨ।

# ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ 01.25 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਇਆ ਆਧੁਨਿਕ ਪਾਰਕ ਲੋਕ ਅਰਪਿਤ

## 70 ਲੱਖ ਰੁਪਏ ਦੀ ਲਾਗਤ ਨਾਲ ਬਣੀ ਡਾ. ਬੀ. ਆਰ. ਅੰਬੇਡਕਰ ਲਾਇਬ੍ਰੇਰੀ ਦਾ ਵੀ ਕੀਤਾ ਉਦਘਾਟਨ



**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਭਵਾਨੀਗੜ੍ਹ ਸ਼ਹਿਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਵਾਲੇ ਦੋ ਮਹੱਤਵਪੂਰਨ ਪ੍ਰੋਜੈਕਟਾਂ —01.25 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਆਧੁਨਿਕ ਪਾਰਕ ਅਤੇ 70 ਲੱਖ ਰੁਪਏ ਦੀ ਲਾਗਤ ਨਾਲ ਬਣੀ ਡਾ. ਬੀ. ਆਰ. ਅੰਬੇਡਕਰ ਲਾਇਬ੍ਰੇਰੀ — ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸ਼ਹਿਰ ਵਾਸੀਆਂ ਵਿੱਚ ਖਾਸ ਉਤਸ਼ਾਹ ਅਤੇ ਰੁਚੀ ਦੇਖਣ ਯੋਗ ਰਹੀ। ਉਦਘਾਟਨ ਸਮਾਰੋਹ ਦੌਰਾਨ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਅਤੇ ਹਰ ਸ਼ਹਿਰ ਤੇ ਪਿੰਡ ਦੇ ਸੰਤੁਲਿਤ ਵਿਕਾਸ ਲਈ ਵਚਨਬੱਧ ਹੈ। ਉਹਨਾਂ ਨੇ ਕਿਹਾ ਕਿ ਭਵਾਨੀਗੜ੍ਹ ਦਾ ਵਿਕਾਸ ਉਹਨਾਂ ਦੀ ਪ੍ਰਾਥਮਿਕਤਾ ਹੈ ਅਤੇ ਇਸੇ ਕੜੀ ਤਹਿਤ ਇਹ ਮਹੱਤਵਪੂਰਣ ਪ੍ਰੋਜੈਕਟ ਪੂਰੇ ਕਰ ਕੇ ਜਨਤਾ ਨੂੰ ਸਮਰਪਿਤ ਕੀਤੇ ਜਾ ਰਹੇ ਹਨ। ਨਵੀਂ ਤਕਨੀਕ ਨਾਲ ਵਿਕਸਿਤ ਪਾਰਕ ਵਿੱਚ ਬੱਚਿਆਂ ਲਈ ਖ਼ਾਸ ਖੇਡ ਖੇਤਰ, ਵਾਕਿੰਗ ਟਰੈਕ ਆਦਿ ਸ਼ਾਮਲ ਹਨ। ਵਿਧਾਇਕ ਨੇ ਕਿਹਾ ਕਿ ਇਹ ਪਾਰਕ ਸਿਰਫ਼ ਸ਼ਹਿਰ ਦੀ ਸੋਭਾ ਹੀ ਨਹੀਂ ਵਧਾਏਗਾ, ਸਗੋਂ ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਵੀ ਕਰੇਗਾ। ਇਸ ਦੇ ਨਾਲ ਹੀ ਡਾ. ਬੀ. ਆਰ. ਅੰਬੇਡਕਰ ਲਾਇਬ੍ਰੇਰੀ ਨੂੰ ਆਧੁਨਿਕ ਸਹੂਲਤਾਂ ਨਾਲ ਤਿਆਰ ਕੀਤਾ ਗਿਆ ਹੈ। ਲਾਇਬ੍ਰੇਰੀ ਵਿੱਚ ਮੁੱਖ ਤੌਰ 'ਤੇ ਵਿਦਿਆਰਥੀਆਂ ਤੇ ਵੱਖ ਵੱਖ ਮੁਕਾਬਲਿਆਂ ਤਿਆਰੀ ਕਰਨ ਵਾਲੇ ਨੌਜਵਾਨਾਂ ਲਈ ਵਿਸ਼ੇਸ਼ ਥਾਂ, ਡਿਜ਼ਿਟਲ ਲਰਨਿੰਗ ਕੇਂਦਰ, ਕਿਤਾਬਾਂ ਦਾ ਵਿਸ਼ਾਲ ਸੰਗ੍ਰਹਿ, ਕੰਪਿਊਟਰ ਸਹੂਲਤਾਂ ਅਤੇ ਪੜ੍ਹਾਈ ਲਈ ਸੁਚੱਜਾ ਵਾਤਾਵਰਨ ਉਪਲਬਧ ਕਰਵਾਇਆ ਗਿਆ ਹੈ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਡਾ. ਅੰਬੇਡਕਰ ਜੀ ਦੀ ਸਿੱਖਿਆ ਸਬੰਧੀ ਸੋਚ ਅਤੇ ਸਮਾਜਿਕ ਬਦਲਾਅ ਵਾਲੀ ਦ੍ਰਿਸ਼ਟੀ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਲਾਇਬ੍ਰੇਰੀ ਨੂੰ ਨਵੇਂ ਯੁੱਗ ਦੀਆਂ ਜ਼ਰੂਰਤਾਂ ਅਨੁਸਾਰ ਤਿਆਰ ਕੀਤਾ ਗਿਆ ਹੈ, ਜਿਹੜਾ ਨਿਸ਼ਚਤ ਤੌਰ 'ਤੇ ਭਵਾਨੀਗੜ੍ਹ ਦੇ ਨੌਜਵਾਨਾਂ ਨੂੰ ਨਵੀਆਂ ਉੱਚਾਈਆਂ ਛੂਹਣ ਲਈ ਮਜ਼ਬੂਤ ਮੰਚ ਪ੍ਰਦਾਨ ਕਰੇਗਾ। ਉਹਨਾਂ ਨੇ ਕਿਹਾ ਕਿ ਹਲਕੇ ਵਿੱਚ ਵਿਕਾਸ ਦੇ ਕੰਮ ਤੇਜ਼ੀ ਨਾਲ ਜਾਰੀ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਕਈ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ। ਸ਼੍ਰੀਮਤੀ ਭਰਾਜ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਹੂਲਤਾਂ ਦੀ ਸੰਭਾਲ ਆਪਣੇ ਘਰਾਂ ਦੀ ਤਰ੍ਹਾਂ ਕਰਨ, ਤਾਂ ਜੋ ਇਹ ਭਵਿੱਖੀ ਪੀੜ੍ਹੀਆਂ ਲਈ ਵੀ ਲਾਭਦਾਇਕ ਬਣ ਸਕਣ। ਉਦਘਾਟਨ ਸਮਾਰੋਹ ਵਿੱਚ ਕਈ ਪ੍ਰਮੁੱਖ ਸ਼ਖਸੀਅਤਾਂ ਅਤੇ ਇਲਾਕਾ ਵਾਸੀਆਂ ਨੇ ਭਰਪੂਰ ਹਾਜ਼ਰੀ ਦਰਜ ਕਰਵਾਈ। ਲੋਕਾਂ ਨੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪ੍ਰੋਜੈਕਟ ਸ਼ਹਿਰ ਦੇ ਸਮੁੱਚੇ ਵਿਕਾਸ ਵਿੱਚ ਮੀਲਪੱਥਰ ਸਾਬਤ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਬਿਹਾਰ ਤੋਂ ਬਾਅਦ ਪੰਜਾਬ ਵਿੱਚ 2027 'ਚ ਬੀਜੇਪੀ ਦੀ ਸਰਕਾਰ ਬਣੇਗੀ ਕ੍ਰਿਸਨ ਗੋਪਾਲ ਨੀਲੂ ਮਿੱਤਲ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਜਪਾ ਵੱਲੋਂ ਬਿਹਾਰ ਵਿੱਚ ਹਾਸਲ ਕੀਤੀ ਗਈ ਹੂੰਝਾ ਫੇਰ ਜਿੱਤ ਲਈ ਨਰਿੰਦਰ ਮੋਦੀ, ਅਮਿਤ ਸ਼ਾਹ ਪੰਜਾਬ ਭਾਜਪਾ ਦੇ ਉਪ ਪ੍ਰਧਾਨ ਅਸ਼ਵਨੀ ਸ਼ਰਮਾ ਸਮੇਤ ਸਮੁੱਚੀ ਭਾਰਤੀ ਜਨਤਾ ਪਾਰਟੀ ਇਸ ਵਧਾਈ ਦੀ ਪਾਤਰ ਹੈ। ਬਿਹਾਰ ਤੋਂ ਬਾਅਦ ਪੰਜਾਬ ਵਿੱਚ ਬੀਜੇਪੀ ਦੀ ਸਰਕਾਰ ਬਣਨਾ ਜਾ ਰਹੀ ਹੈ ਜਿਸ ਲਈ ਪੰਜਾਬ ਦੇ ਲੋਕ ਬੀਜੇਪੀ ਦੀ ਸਰਕਾਰ ਦੇਖਣ ਨੂੰ ਪੰਜਾਬ ਵਿੱਚ ਪੱਬਾਂ ਭਾਰ ਹੋ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬੀਜੇਪੀ ਦੇ ਜਿਲ੍ਹਾ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਹਨਾਂ ਕਿਹਾ ਕਿ ਦੇਸ਼ ਦੇ ਹਰ ਸੂਬੇ ਦੇ ਨਿਵਾਸੀ ਭਾਜਪਾ ਦੀਆਂ ਲੋਕ ਅਤੇ ਦੇਸ਼ ਹਿੱਤ ਵਾਲੀਆਂ ਨੀਤੀਆਂ ਨੂੰ ਪਸੰਦ ਕਰਦੇ ਹਨ। ਜਿਸ ਕਾਰਨ ਉਹਨਾਂ ਵੱਲੋਂ ਹਰ ਚੋਣਾਂ ਵਿੱਚ ਭਾਜਪਾ ਨੂੰ ਵੋਟਾਂ ਦੇ ਰੂਪ ਵਿੱਚ ਆਪਣਾ ਸਮਰਥਨ ਦੇ ਕੇ ਜਿਤਾਇਆ ਜਾ ਰਿਹਾ ਹੈ ਅਤੇ ਭਾਜਪਾ ਦੀਆਂ ਵਿਰੋਧੀ ਪਾਰਟੀਆਂ ਨੂੰ ਬੁਰੀ ਤਰ੍ਹਾਂ ਹਾਰ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਹਾਲੇ ਬਿਹਾਰ ਵਿੱਚ ਸਰਕਾਰ ਬਣੀ ਹੈ ਇਸ ਤੋਂ ਬਾਅਦ ਪੰਜਾਬ ਦੀ ਵਾਰੀ ਹੈ, ਲੋਕ ਪੂਰੀ ਤਰ੍ਹਾਂ ਭਾਜਪਾ ਦੇ ਹੱਕ ਵਿੱਚ ਹਨ ਕਿਉਂਕਿ ਹੋਰਨਾਂ ਪਾਰਟੀਆਂ ਦੀ ਸੱਚਾਈ ਲੋਕਾਂ ਸਾਹਮਣੇ ਆ ਚੁੱਕੀ ਹੈ ਅਤੇ ਝੂਠੀਆਂ ਲੋਕ ਤੇ ਦੇਸ਼ ਹਿਤੈਸ਼ੀ ਪਾਰਟੀਆਂ ਦੇ ਚਿਹਰਿਆਂ ਤੋਂ ਨਕਾਬ ਉਤਰ ਚੁੱਕਿਆ ਹੈ ਹੁਣ ਲੋਕ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਕਿ ਦੇਸ਼ ਅਤੇ ਲੋਕ ਹਿੱਤ ਵਿੱਚ ਫੈਸਲੇ ਲੈਣ ਵਾਲੀ ਪਾਰਟੀ ਸਿਰਫ ਭਾਜਪਾ ਹੀ ਹੈ ਅਤੇ ਭਾਜਪਾ ਹੀ ਦੇਸ਼ ਅਤੇ ਲੋਕਾਂ ਦਾ ਫਾਇਦਾ ਕਰ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਡਾਕਟਰ ਅਨਵਰ ਭਸੌੜ ਨੇ ਆਪ ਵੱਲੋਂ ਬਲਤੇਜ ਪੰਨੂ ਨੂੰ ਸੂਬਾ ਜਨਰਲ ਸਕੱਤਰ ਨਿਯੁਕਤ ਕਰਨ 'ਤੇ ਦਿੱਤੀ ਮੁਬਾਰਕਵਾਦ



ਧੂਰੀ ( ਰਣਜੀਤ ਸਿੰਘ ਪੇਧਨੀ )ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ,ਆਪ ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਪਾਰਟੀ ਦੇ ਵਫ਼ਾਦਾਰ, ਤਜ਼ਰਬੇਕਾਰ ਅਤੇ ਜ਼ਮੀਨੀ ਲੀਡਰ ਸ. ਬਲਤੇਜ ਪੰਨੂ ਨੂੰ ਸੂਬਾ ਜਨਰਲ ਸਕੱਤਰ ਨਿਯੁਕਤ ਕਰਨ 'ਤੇ ਮੁਬਾਰਕਵਾਦ ਦਿੰਦਿਆ ਆਪ ਦੇ ਸੀਨੀਅਰ ਆਗੂ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਨੇ ਕਿਹਾ ਕਿ ਆਪ ਆਗੂ ਬਲਤੇਜ ਪੰਨੂ ਨੂੰ ਇਸ ਨਵੀਂ ਜ਼ਿੰਮੇਵਾਰੀ ਮਿਲਣਤੇ ਮੁਬਾਰਕਬਾਦ ਦਿੰਦਾ ਹਾਂ। ਉਨ੍ਹਾਂ ਕਿਹਾ ਕਿ ਬਲਤੇਜ ਪੰਨੂ ਦੀ ਲੰਬੇ ਸਮੇਂ ਤੋਂ ਲੋਕਾਂ ਵਿਚ ਸੇਵਾ, ਪਾਰਟੀ ਪਤੀ ਨਿਰੰਤਰ ਸਮਰਪਣ ਅਤੇ ਤਨਦਹਿ ਨਾਲ ਕੀਤੇ ਕੰਮ ਨੇ ਹਮੇਸ਼ਾਂ ਆਮ ਲੋਕਾਂ ਦਾ ਮਨ ਜਿੱਤਿਆ ਹੈ। ਮੈਂ ਉਮੀਦ ਕਰਦਾ ਹਾਂ ਕਿ ਉਹ ਆਪਣੇ ਤਜ਼ਰਬੇ ਅਤੇ ਇਮਾਨਦਾਰੀ ਨਾਲ ਪਾਰਟੀ ਦੀ ਲੋਕ-ਕੇਂਦਰਿਤ ਰਾਜਨੀਤੀ ਨੂੰ ਹੋਰ ਮਜ਼ਬੂਤੀ ਦੇਣਗੇ ਅਤੇ ਪੰਜਾਬ ਦੇ ਹੱਕਾਂ ਲਈ ਪਹਿਲੀ ਕਤਾਰ ਵਿੱਚ ਰਹਿੰਦੇ ਹੋਏ ਪੰਜਾਬ ਦੀਆਂ ਹੱਕੀ ਮੰਗਾਂ ਲਈ ਲੜਾਈ ਜਾਰੀ ਰੱਖਣਗੇ।

ਆਵਾਜ਼ਿ ਕੌਮ AWAZE QAUM International Newspaper & WEB TV




### ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਪਰਾਲੀ ਪ੍ਰਬੰਧਨ ਪ੍ਰੋਜੈਕਟ ਅਧੀਨ

# ਪਿੰਡ ਹਰਿਆਊ ਵਿਖੇ ਜਾਗਰੂਕਤਾ ਕੈਂਪ ਲਗਾਇਆ




**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ )** - ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਸਾਂਭਣ ਦੀਆਂ ਵੱਖ-ਵੱਖ ਤਕਨੀਕਾਂ ਅਤੇ ਕਣਕ ਦੀ ਫ਼ਸਲ ਦੇ ਸੁਚੱਜੇ ਪ੍ਰਬੰਧਨ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ ਪਿੰਡ ਹਰਿਆਊ, ਬਲਾਕ ਲਹਿਰਾਗਾਗਾ ਵਿਖੇ ਲਗਾਇਆ ਗਿਆ। ਜਿਸ ਵਿੱਚ 54 ਕਿਸਾਨਾਂ ਦੇ ਭਾਗ ਲਿਆ।



ਇਸ ਕੈਂਪ ਮੌਕੇ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਖੇਤ ਵਿੱਚ ਸਾਂਭਣ ਵਾਲੀਆਂ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ ।ਉਹਨਾਂ ਪਰਾਲੀ ਪ੍ਰਬੰਧਨ ਵਿੱਚ ਕਿਸਾਨਾਂ ਨੂੰ ਦਰਪੇਸ਼ ਆ ਰਹੀਆਂ ਦਿੱਕਤਾਂ ਅਤੇ ਸ਼ੰਕਿਆਂ ਬਾਬਤ ਵਿਗਿਆਨਕ ਹੱਲ ਵੀ ਸਾਂਝੇ ਕੀਤੇ। ਇਸ ਤੋਂ ਇਲਾਵਾ ਉਹਨਾਂ ਕਿਸਾਨਾਂ ਨੂੰ ਕਣਕ ਦੀਆਂ ਵਿਸ਼ੇਸ਼ ਗੁਣਵੱਤਾ ਵਾਲੀਆਂ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ। ਡਾ ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨੀਅਰਿੰਗ) ਨੇ ਪਰਾਲੀ ਪ੍ਰਬੰਧਨ ਵਾਲੀ ਖੇਤੀ ਮਸ਼ੀਨਰੀ ਦੀ ਸੁਚੱਜੀ ਵਰਤੋਂ ਕਰਨ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਕਿਸਾਨ ਵੀਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫਾਰਸ਼ ਤਕਨੀਕਾਂ 'ਚੋਂ ਕੋਈ ਵੀ ਤਕਨੀਕ ਅਪਣਾ ਕੇ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲ ਸਕਦੇ ਹਨ। ਡਾ. ਰੁਕਿੰਦਰ ਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਕਿਸਾਨਾਂ ਨਾਲ ਕਣਕ ਵਿੱਚ ਨਦੀਨ ਪ੍ਰਬੰਧਨ ਅਤੇ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਹਨਾਂ ਕਿਸਾਨਾਂ ਨੂੰ ਕਣਕ ਦੀ ਬਿਜਾਈ ਮੌਕੇ, ਪਹਿਲੀ ਸਿੰਚਾਈ ਤੋਂ ਪਹਿਲਾਂ ਅਤੇ ਪਹਿਲੀ ਸਿੰਚਾਈ ਤੋਂ ਬਾਅਦ ਵਿੱਚ ਵਰਤੇ ਜਾਣ ਵਾਲੇ ਨਦੀਨਨਾਸ਼ਕਾਂ ਬਾਰੇ ਬਹੁਤ ਵਿਸਥਾਰ ਵਿੱਚ ਦੱਸਿਆ। ਇਸ ਤੋਂ ਇਲਾਵਾ ਉਹਨਾਂ ਨੇ ਕਣਕ ਦੀ ਫਸਲ ਵਿੱਚ ਆਉਣ ਵਾਲੇ ਲਘੂ ਤੱਤਾਂ ਦੀ ਘਾਟ ਅਤੇ ਇਹਨਾਂ ਦੀ ਪੂਰਤੀ ਸੰਬੰਧੀ ਵੀ ਜਾਣਕਾਰੀ ਦਿੱਤੀ। ਇਸ ਮੌਕੇ ਕਿਸਾਨਾਂ ਨੂੰ ਪੀ.ਏ.ਯੂ. ਦਾ ਖੇਤੀ ਸਾਹਿਤ ਅਤੇ ਕਣਕ ਦੀ ਵਿਸ਼ੇਸ਼ ਗੁਣਵੱਤਾ ਵਾਲੀ ਕਿਸਮ ਪੀ ਬੀ ਡਬਲਯੂ ਜ਼ਿੰਕ 2 ਦੀਆਂ ਪ੍ਰਦਰਸ਼ਨੀਆਂ ਵੀ ਵੰਡੀਆਂ ਗਈਆਂ। ਕਿਸਾਨਾਂ ਵੱਲੋਂ ਪੁੱਛੇ ਸੁਆਲਾਂ ਜਿਵੇਂ ਕਿ ਕਣਕ ਨੂੰ ਪਹਿਲਾ ਪਾਣੀ ਲਗਾਉਣ, ਨਾਈਟ੍ਰੋਜਨ ਖਾਦ ਪਾਉਣ, ਕਣਕ ਵਿੱਚ ਗੁਲਾਬੀ ਸੁੰਡੀ ਦੇ ਹਮਲੇ ਦੀ ਰੋਕਥਾਮ, ਨੈਨੋ ਯੂਰੀਆ ਅਤੇ ਨੈਨੋ ਡੀ.ਏ.ਪੀ. ਦੀ ਵਰਤੋਂ, ਝੋਨੇ ਵਿੱਚ ਮਧਰੇਪਣ ਦੀ ਸੱਮਸਿਆ ਦੇ ਕਾਰਣ, ਆਦਿ ਦੇ ਜਵਾਬ ਤਸੱਲੀਬਖ਼ਸ਼ ਢੰਗ ਨਾਲ ਦਿੱਤੇ ਗਏ। ਇਸ ਕੈਂਪ ਦੀ ਸਫਲਤਾ ਵਿੱਚ ਸ਼੍ਰੀ ਵਕੀਲ ਸਿੰਘ, ਸ੍ਰੀ ਸੁਖਦੇਵ ਸ਼ਰਮਾ ਅਤੇ ਸ਼੍ਰੀ ਵਾਸਦੇਵ ਸ਼ਰਮਾ ਨੇ ਉੱਘਾ ਯੋਗਦਾਨ ਪਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

**ਕਿਸਾਨਾਂ ਨੂੰ ਝੋਨੇ ਦੀ ਪਰਾਲੀ ਖੇਤ ਵਿੱਚ ਸਾਂਭਣ ਵਾਲੀਆਂ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ**

## ਗੁਰੂ ਤੇਗ. ਬਹਾਦੁਰ ਸਾਹਿਬ ਜੀ ਨੂੰ ਨਮਨ (ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ)



ਧਰਮ ਦੀ ਜੋਤ ਜਗਾਈ ਸੀ, ਨਿਰਭਉ ਨਿਰਵੈਰ ਬਣਾਈ ਸੀ।
ਕੁਰਬਾਨੀ ਦੀ ਮਿਸਾਲ ਬਣੇ, ਜਗ ਵਿੱਚ ਜੋਤ ਜਗਾਈ ਸੀ।

ਹਿੰਦ ਦੀ ਚਾਦਰ ਬਣ ਕੇ ਜਿਨ੍ਹਾਂ, ਸਿਰ ਕਟਵਾ ਕੇ ਵੀ ਖੜੇ ਰਹੇ,
ਅਨਿਆ ਅੱਗੇ ਝੁਕਣ ਤੋਂ, ਆਪਣੀ ਕੌਮ ਨੂੰ ਬਚਾ ਗਏ।

ਦਿੱਲੀ ਦੇ ਚੌਰਾਹੇ 'ਤੇ, ਇਕ ਸੂਰਮਾ ਸੱਚ 'ਚ ਤਪਿਆ ਸੀ,
ਸਿਰ ਤਾ ਦਿਤਾ ਪਰ ਧਰਮ ਨਾਹੀਂ, ਇਹੋ ਇਤਿਹਾਸ ਕਹਿੰਦਾ ਸੀ।

ਮਾਤਾ-ਪਿਤਾ ਦੀਆਂ ਉਮੀਦਾਂ, ਕੌਮ ਦੀਆਂ ਲੱਖਾਂ ਆਸਾਂ,
ਗੁਰੂ ਨਾਨਕ ਦੇ ਦਰਸਾਏ ਰਾਹ ਦੀ, ਤੁਸੀਂ ਰੱਖੀ ਪਰਵਾਸਾਂ।

ਤਿਆਗ, ਸਾਹਸ, ਸ਼ਾਂਤੀ ਦੇ ਰੂਪ, ਗੁਰੂ ਤੇਗ. ਬਹਾਦੁਰ ਸਚੇ ਪਾਤਸ਼ਾਹ।
ਤੁਹਾਡੀ ਸ਼ਹੀਦੀ ਦੀ ਰੂਹ ਅੱਜ ਵੀ, ਸਾਡੇ ਦਿਲਾਂ ਵਿੱਚ ਕਰਦੀ ਰਾਹ।

ਸ਼ਤਾਬਦੀ ਤੇ ਤੁਹਾਨੂੰ ਨਮਨ, ਹੇ ਗੁਰੂ ਸੱਚ ਦੇ ਸਾਹਿਬ ਜੀ,
ਤੁਹਾਡੀ ਕੁਰਬਾਨੀ ਸਦੀਵ ਰਹੇਗੀ, ਇਹ ਨਮਨ ਪੇਸ਼ ਕਰਦਾ ਹੈ "ਸੋਹਲ।"

ਆਵਾਜ਼ਿ ਕੌਮ AWAZE QAUM International Newspaper & WEB TV

**ਲੇਖਕ: ਗੁਰਜੰਟ ਸਿੰਘ ਸੋਹਲ (ਨਥੇਹਾ)**
**ਪਿੰਡ ਤੇ ਡਾਕ: ਨਥੇਹਾ (ਤਲਵੰਡੀ ਸਾਬੋ) ਸੰਪਰਕ: 8968727272**

## ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਲਈ ਪੰਜਾਬ ਸਰਕਾਰ ਨੇ ਕੀਤੇ ਪੁਖਤਾ ਪ੍ਰਬੰਧ- ਮੁੱਖ ਸਕੱਤਰ

**ਸ੍ਰੀ ਅਨੰਦਪੁਰ ਸਾਹਿਬ 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਨੌਂਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸ਼ਾਨੀ ਸ਼ਹਾਦਤ ਨੂੰ ਸਮਰਪਿਤ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਲਈ ਪੰਜਾਬ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਮੁੱਖ ਸਕੱਤਰ ਕੇ.ਏ.ਪੀ.ਸਿਨਹਾ ਅਤੇ ਡਾਇਰੈਕਟਰ ਜਨਰਲ ਪੁਲਿਸ ਗੌਰਵ ਯਾਦਵ ਨੇ ਅੱਜ ਸਮਾਗਮਾਂ ਦੀ ਤਿਆਰੀਆਂ ਦਾ ਰੀਵਿਊ ਕੀਤਾ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੁੱਖ ਸਕੱਤਰ ਨੇ ਕਿਹਾ ਕਿ ਸਾਰੇ ਅਧਿਕਾਰੀ ਸੇਵਾ ਦੀ ਭਾਵਨਾ ਨਾਲ ਕੰਮ ਕਰਨ ਅਤੇ ਸ਼ਰਧਾਲੂਆਂ ਨੂੰ ਪੂਰੀ ਸਹੂਲਤ ਪ੍ਰਦਾਨ ਕਰਨ ਨੂੰ ਆਪਣੀ ਪਹਿਲ ਬਣਾਉਣ। ਮੁੱਖ ਸਕੱਤਰ ਨੇ ਦੱਸਿਆ ਕਿ 22 ਨਵੰਬਰ ਨੂੰ ਚਾਰ ਅਲੌਕੀਕ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਪਹੁੰਚਣਗੇ, ਜਦਕਿ 23 ਨਵੰਬਰ ਨੂੰ ਗੁਰੂ ਕਾ ਬਾਗ ਬੁੱਢਾ ਦਲ ਛਾਉਣੀ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ। 23 ਨਵੰਬਰ ਨੂੰ ਹੋਣ ਵਾਲੇ ਸਰਬ ਧਰਮ ਸੰਮੇਲਨ ਵਿੱਚ ਦੇਸ਼-ਵਿਦੇਸ਼ ਦੀਆਂ ਪ੍ਰਮੁੱਖ ਧਾਰਮਿਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼ ਸ਼ਿਰਕਤ ਕਰਨਗੇ। ਉਨ੍ਹਾਂ ਨੇ ਦੱਸਿਆ ਕਿ 24 ਨਵੰਬਰ ਨੂੰ ਭਾਈ ਜੈਤਾ ਜੀ ਮੈਮੋਰੀਅਲ ਵਿੱਚ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਆਯੋਜਿਤ ਕੀਤਾ ਜਾਵੇਗਾ, ਜਦਕਿ 25 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੀ ਵੱਖ-ਵੱਖ ਧਾਰਮਿਕ ਸਮਾਗਮਾਂ ਵਿੱਚ ਹਾਜ਼ਰੀ ਲਗਾਉਣਗੇ।

ਤਲਵੰਡੀ ਸਾਬੋ ਦੀ ਪਵਿੱਤਰ ਧਰਤੀ ਤੋਂ ਮਹਾਨ ਨਗਰ ਕੀਰਤਨ

# ਸ੍ਰੀ ਅਨੰਦਪੁਰ ਸਾਹਿਬ ਲਈ ਅਰਦਾਸ ਉਪਰੰਤ ਰਵਾਨਾ

☛ ਭਰਵੀਂ ਗਿਣਤੀ ਸੰਗਤ ਸਮੇਤ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਗੁਰਮੀਤ ਸਿੰਘ ਖੁੱਡੀਆਂ ਤੇ ਹਲਕਾ ਵਿਧਾਇਕਾ ਬਲਜਿੰਦਰ ਕੌਰ ਨੇ ਮਹਾਨ ਨਗਰ ਕੀਰਤਨ ਦੇ ਕੀਤੇ ਦਰਸ਼ਨ ☛ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ 50-50 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਜਾਰੀ ਹੋਵੇਗੀ ☛ ਮਾਲਵੇ ਦੀ ਧਰਤੀ 'ਤੇ ਨਗਰ ਕੀਰਤਨ ਦਾ ਵੱਡੀ ਗਿਣਤੀ ਸੰਗਤ ਵੱਲੋਂ ਭਰਵਾਂ ਸਵਾਗਤ





ਤਲਵੰਡੀ ਸਾਬੋ, 20 ਨਵੰਬਰ (ਗੁਰਜੰਟ ਸਿੰਘ ਨਥੇਹਾ)-'ਹਿੰਦ ਦੀ ਚਾਦਰ" ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਬੇਰ ਸਾਹਿਬ (ਦੇਗਸਰ) ਪਾਤਸ਼ਾਹੀ 10ਵੀਂ ਛਾਉਣੀ ਬੁੱਢਾ ਦਲ ਪੰਜਵਾਂ ਤਖਤ ਵਿਖੇ ਤਲਵੰਡੀ ਸਾਬੋ ਦੀ ਪਵਿੱਤਰ ਧਰਤੀ ਤੋਂ ਅਰਦਾਸ ਉਪਰੰਤ ਸ੍ਰੀ ਅਨੰਦਪੁਰ ਸਾਹਿਬ ਲਈ ਪੂਰੇ ਖਾਲਸਾਈ ਜਾਹੋ ਜਲਾਲ ਨਾਲ ਰਵਾਨਾ ਹੋਇਆ। ਇਸ ਮੌਕੇ ਫੁੱਲਾਂ ਨਾਲ ਸਜੀ ਸੁੰਦਰ ਪਾਲਕੀ ਸਾਹਿਬ ਵਿੱਚ ਨਾਲ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਅਤੇ ਪੰਜ ਪਿਆਰਿਆਂ ਤੇ ਨਿਸ਼ਾਨ ਸਾਹਿਬ ਦੀ ਅਗਵਾਈ ਹੇਠ ਸਜਾਏ ਗਏ ਇਸ ਨਗਰ ਕੀਰਤਨ ਦੀ ਅਰੰਭਤਾ ਵੇਲੇ ਬਾਬਾ ਸੁਖਮੰਦਰ ਸਿੰਘ ਮੋਰ ਨੇ ਆਰੰਭਤਾ ਦੀ ਅਰਦਾਸ ਕੀਤੀ। ਇਸ ਮੌਕੇ ਭਰਵੀਂ ਗਿਣਤੀ ਸੰਗਤ ਸਮੇਤ ਇੱਕ ਆਮ ਸ਼ਰਧਾਲੂ ਵਜੋਂ ਨਗਰ ਕੀਰਤਨ ਦੇ ਦਰਸ਼ਨ ਕਰਨ ਪੁੱਜੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ, ਕੈਬਨਿਟ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਤੇ ਸ. ਗੁਰਮੀਤ ਸਿੰਘ ਖੁੱਡੀਆਂ ਸਮੇਤ ਚੀਫ ਅਤੇ ਤਲਵੰਡੀ ਸਾਬੋ ਤੋਂ ਵਿਧਾਇਕਾ ਪ੍ਰੋ.ਬਲਜਿੰਦਰ ਕੌਰ, ਡੀਆਈਜੀ ਹਰਜੀਤ ਸਿੰਘ, ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ, ਐਸਐਸਪੀ ਅਮਨੀਤ ਕੌਂਡਲ ਤੋਂ ਇਲਾਵਾ ਧਾਰਮਿਕ, ਸਮਾਜਿਕ, ਰਾਜਨੀਤੀਕ ਅਤੇ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਆਦਿ ਹਾਜ਼ਰ ਸਨ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਦਾ ਸਰੋਤ ਹੈ। ਉਹਨਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਜੋ ਹਿੰਦ ਦੀ ਚਾਦਰ ਦੇ ਨਾਂ ਨਾਲ ਸਾਰੇ ਸੰਸਾਰ ਵਿੱਚ ਪ੍ਰਸਿੱਧ ਹਨ, ਨੇ ਸਿੱਖ ਧਰਮ ਦੇ ਆਦਰਸ਼ਾਂ, ਸੱਚ, ਨਿਆਂ, ਧਰਮ ਅਤੇ ਮਨੁੱਖੀ ਹੱਕਾਂ ਦੀ ਰੱਖਿਆ ਲਈ ਅਨੋਖੀ ਤੇ ਲਾਸਾਨੀ ਕੁਰਬਾਨੀ ਦਿੱਤੀ। ਉਹਨਾਂ ਗੁਰੂ ਸਾਹਿਬ ਸਮੇਤ ਉਨ੍ਹਾਂ ਦੇ ਅਨਿੰਨ੍ਹ ਸਿੱਖਾਂ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਯਾਦ ਕਰਿਦਆਂ ਕਿਹਾ ਕਿ ਜ਼ਬਰ ਅਤੇ ਧਰਮ ਪਰਿਵਰਤਨ ਦੇ ਖ਼ਿਲਾਫ ਉਹਨਾਂ ਨੇ ਇੱਕ ਅਟੱਲ ਚਟਾਨ ਵਾਂਗ ਖਲੋਅ ਕੇ ਦਰਸਾਇਆ ਕਿ ਸਿੱਖ ਧਰਮ ਦੇ ਨਾਇਕ ਕਿਸੇ ਇਕ ਧਰਮ ਲਈ ਨਹੀਂ, ਸਗੋਂ ਪੂਰੇ ਮਨੁੱਖਤਾ ਲਈ ਲੜਦੇ ਹਨ। ਇਸ ਮੌਕੇ ਵਿੱਤ ਮੰਤਰੀ ਪੰਜਾਬ ਸ. ਹਰਪਾਲ ਸਿੰਘ ਚੀਮਾ ਨੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਮਨੁੱਖਤਾ ਤੇ ਧਰਮ ਲਈ ਕੀਤੀ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਕਿ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਗੁਰੂ ਜੀ ਨੇ ਧਰਮ ਦੀ ਰੱਖਿਆ ਲਈ ਸ਼ਹੀਦੀ ਪ੍ਰਾਪਤ ਕੀਤੀ। ਉਨ੍ਹਾਂ ਦੀ ਧਰਮ ਲਈ ਦਿੱਤੀ ਸ਼ਹਾਦਤ ਸਦਾ ਲਈ ਅਮਰ ਹੋ ਗਈ। ਗੁਰੂ ਤੇਗ ਬਹਾਦਰ ਜੀ ਦਾ ਬਲੀਦਾਨ ਅੱਤਿਆਚਾਰ ਦੇ ਖ਼ਿਲਾਫ਼ ਤੇ ਮਨੁੱਖੀ ਅਧਿਕਾਰਾਂ ਦੇ ਹੱਕ ਵਿੱਚ ਡਟ ਕੇ ਖੜ੍ਹਨ ਦਾ ਸੰਦੇਸ਼ ਦਿੰਦਾ ਹੈ ਅਤੇ ਸਿੱਖ ਇਤਿਹਾਸ ਵਿੱਚ ਉਨ੍ਹਾਂ ਦੀ ਸ਼ਹਾਦਤ ਸਰਬੋਤਮ ਸਮਰਪਣ ਅਤੇ ਹਿੰਮਤ ਦੀ ਨਿਸ਼ਾਨੀ ਮੰਨੀ ਜਾਂਦੀ ਹੈ। ਉਹਨਾਂ ਇਹ ਵੀ ਕਿਹਾ ਕਿ ਸਿੱਖ ਕੌਮ ਗੁਰੂ ਜੀ ਦੇ ਉਪਦੇਸ਼ ਧਰਮ, ਸੱਚਾਈ ਅਤੇ ਮਨੁੱਖਤਾ ਦੀ ਸੇਵਾ ਨੂੰ ਯਾਦ ਕਰਦੀ ਹੈ। ਇਸ ਮੌਕੇ ਸ. ਹਰਪਾਲ ਸਿੰਘ ਚੀਮਾ ਨੇ ਇਹ ਵੀ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਪੰਜਾਬ ਦੇ ਸਾਰੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ 50-50 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਵੀ ਦਿੱਤੀ ਜਾਵੇਗੀ। ਇਸ ਮੌਕੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਧਾਰਮਿਕ ਆਜ਼ਾਦੀ ਦੇ ਸਰਵਉਚ ਰੱਖਿਅਕ ਹਨ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦਾ ਬਲੀਦਾਨ ਸਿਰਫ ਕਿਸੇ ਇੱਕ ਕੌਮ ਲਈ ਹੀ ਨਹੀਂ, ਸਗੋਂ ਸਾਰੀ ਮਨੁੱਖਤਾ ਲਈ ਸ਼ਹਾਦਤ ਅਤੇ ਧਰਮ-ਨਿਰਪੱਖਤਾ ਦੀ ਅਨੋਖੀ ਮਿਸਾਲ ਹੈ। ਉਹਨਾਂ ਕਿਹਾ ਕਿ ਮੁਗਲ ਸ਼ਾਸਕ ਔਰੰਗਜ਼ੇਬ ਦੇ ਜ਼ੁਲਮਾਂ ਦਾ ਵਿਰੋਧ ਕਰਦੇ ਹੋਏ ਗੁਰੂ ਸਾਹਿਬ ਤੇ ਉਨ੍ਹਾਂ ਦੇ ਸਿੱਖਾਂ ਨੇ ਧਰਮ ਦੀ ਰੱਖਿਆ ਲਈ ਆਪਣਾ ਆਪ ਕੁਰਬਾਨ ਕਰ ਦਿੱਤਾ। ਉਹਨਾਂ ਇਹ ਵੀ ਕਿਹਾ ਕਿ ਕਸ਼ਮੀਰੀ ਪੰਡਤਾਂ ਨੇ ਜਦੋਂ ਗੁਰੂ ਘਰ ਦਾ ਦਰਵਾਜ਼ਾ ਖੜਕਾਇਆ, ਤਾਂ ਗੁਰੂ ਤੇਗ ਬਹਾਦਰ ਜੀ ਨੇ ਮਨੁੱਖਤਾ ਦੀ ਰੱਖਿਆ ਲਈ ਆਪਣਾ ਸੀਸ ਕੁਰਬਾਨ ਕਰਨ ਦਾ ਫ਼ੈਸਲਾ ਕੀਤਾ। ਇਸ ਤਲਵੰਡੀ ਸਾਬੋ ਤੋਂ ਵਿਧਾਇਕਾ ਪ੍ਰੋ.ਬਲਜਿੰਦਰ ਕੌਰ ਨੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਕੁਰਬਾਨੀ ਬਾਰੇ ਜਾਣਕਾਰੀ ਸਾਂਝੀ ਕੀਤੀ। ਉਹਨਾਂ 23 ਤੋਂ 25 ਨਵੰਬਰ 2025 ਤੱਕ ਆਨੰਦਪੁਰ ਸਾਹਿਬ ਵਿਖੇ ਮਨਾਏ ਜਾ ਰਹੇ ਗੁਰੂ ਸਾਹਿਬ ਦੇ ਸ਼ਹੀਦੀ ਸਮਾਰੋਹ ਵਿਚ ਸੰਗਤਾਂ ਨੂੰ ਵੱਧ ਤੋਂ ਵੱਧ ਪਹੁੰਚਣ ਦੀ ਅਪੀਲ ਵੀ ਕੀਤੀ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ, ਕੈਬਨਿਟ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ, ਤਲਵੰਡੀ ਸਾਬੋ ਤੋਂ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਵਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਪਾਏ ਗਏ। ਇਸ ਤੋਂ ਪਹਿਲਾਂ ਨਗਰ ਕੀਰਤਨ ਦੌਰਾਨ ਦੀ ਆਰੰਭਤਾ ਤੋਂ ਪਹਿਲਾਂ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ ਆਨਰ ਦਿੰਦਿਆਂ ਸਲਾਮੀ ਵੀ ਦਿੱਤੀ ਗਈ। ਮਾਲਵੇ ਦੀ ਧਰਤੀ 'ਤੇ ਨਗਰ ਕੀਰਤਨ ਦਾ ਵੱਡੀ ਗਿਣਤੀ ਸੰਗਤ ਵੱਲੋਂ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੌਰਾਨ ਵੱਖ-ਵੱਖ ਥਾਵਾਂ 'ਤੇ ਸਕੂਲੀ ਵਿਦਿਆਰਥੀਆਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਨਾਲ ਜਿੱਥੇ ਸਵਾਗਤ ਕੀਤਾ ਗਿਆ ਉੱਥੇ ਹੀ ਸੇਵਾਦਾਰਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਨਗਰ ਕੀਰਤਨ ਦਾ ਬਠਿੰਡਾ ਵਿਖੇ ਪਹੁੰਚਣ 'ਤੇ ਵਿਧਾਇਕ (ਬਠਿੰਡਾ) ਸ਼ਹਿਰੀ ਸ. ਜਗਰੂਪ ਸਿੰਘ, ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ, ਚੈਅਰਮੈਨ ਸ. ਜਤਿੰਦਰ ਸਿੰਘ ਭੱਲਾ, ਚੇਅਰਮੈਨ ਸ. ਨਵਦੀਪ ਸਿੰਘ ਜੀਦਾ, ਚੇਅਰਮੈਨ ਰਾਕੇਸ਼ ਪੁਰੀ, ਚੈਅਰਮੈਨ ਇੰਦਰਜੀਤ ਸਿੰਘ ਮਾਨ, ਬਠਿੰਡਾ (ਦਿਹਾਤੀ) ਸ. ਜਸਵਿੰਦਰ ਸਿੰਘ ਛਿੰਦਾ ਨੰਦਗੜ੍ਹ, ਡਾਇਰੈਕਟਰ ਡਾਇਰੈਕਟਰ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਸ. ਅਮਰਜੀਤ ਸਿੰਘ ਰਾਜਨ, ਸਾਬਕਾ ਚੇਅਰਮੈਨ ਸ਼੍ਰੀ ਅੰਮ੍ਰਿਤ ਲਾਲ ਅਗਰਵਾਲ ਅਤੇ ਸਮੂਹ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਗੁਰਦੁਆਰਾ ਬੇਰ ਸਾਹਿਬ (ਦੇਗਸਰ) ਪਾਤਸ਼ਾਹੀ 10ਵੀਂ ਛਾਉਣੀ ਬੁੱਢਾ ਦਲ ਪੰਜਵਾਂ ਤਖਤ ਤੋਂ ਭਾਗੀਵਾਂਦਰ, ਕੋਟਸ਼ਮੀਰ, ਬਠਿੰਡਾ ਆਈ.ਟੀ.ਆਈ. ਚੌਕ, ਬੀਬੀ ਵਾਲਾ ਚੌਕ, ਭੁੱਚੋ ਮੰਡੀ, ਰਾਮਪੁਰਾ ਹੁੰਦਾ ਹੋਇਆ ਅਗਲੇ ਪੜਾਅ ਲਈ ਜ਼ਿਲ੍ਹਾ ਬਰਨਾਲਾ ਪ੍ਰਵੇਸ਼ ਹੋਇਆ। ਇਸ ਮੌਕੇ ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਬਾਬਾ ਬੁੱਢਾ ਦਲ ਦੇ ਮੁਖਤਿਆਰੇਆਮ ਬਾਬਾ ਮੇਜਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਰਹੀ।





# ਉੱਠ ਜਾਗ ਪੰਜਾਬ ਸਿਆਂ ! ਦਿੱਲੀ ਵਾਲੇ ਤੇਰਾ ਲੈ ਚੱਲੇ ਸਭ ਕੁੱਝ ਖੋਹ ਕੇ

**ਸੰਨ** 1978 ਤੋਂ ਲੈ ਕਰਕੇ ਸੰਨ 1984 ਤੱਕ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲਿਆਂ ਨੇ ਆਪਣਾ ਸੰਘ ਵੀ ਸਟੇਜਾਂ ਤੋਂ ਬੋਲ ਕੇ ਬੈਠਾ ਲਿਆ ਸੀ ਕਿ ਸਿੱਖੋ ਤੁਹਾਡੇ ਘਰ ਪੰਜਾਬ ਉੱਤੇ ਡਾਕਾ ਪੈ ਰਿਹਾ ਹੈ ਜਾਗ ਜਾਓ ਜਾਗ ਜਾਓ ਜਾਗ ਜਾਓ ।ਪਰ ਕਿਸੇ ਨੇ ਵੀ ਉੱਹਨਾਂ ਦੀ ਇੱਕ ਨਾ ਸੁਣੀ ਅਤੇ ਕੁੱਝ ਕੁ ਜਾਗਦੀਆਂ ਜਮੀਰਾਂ ਵਾਲਿਆਂ ਸਿੱਖਾਂ ਨੂੰ ਛੱਡ ਕੇ ਬਾਕੀ ਸਭ ਨੇ ਸੰਤਾਂ ਦੀਆਂ ਗੱਲਾਂ ਨੂੰ ਅਣਗੌਲਿਆਂ ਹੀ ਕਰੀ ਛੱਡਿਆ। ਅੱਜ ਸੰਨ 2025 ਵਿੱਚ ਵੀ ਡਾਕੂ ਓਹੀ ਨੇ ਪਰ ਚਿਹਰੇ ਬਦਲ ਗਏ ਹਨ ।ਇਹ ਸਾਰੇ ਡਾਕੂ ਦਿੱਲੀ ਦਿਆਂ ਦਫ਼ਤਰਾਂ ਵਿੱਚ ਹੀ ਬਹਿੰਦੇ ਸਨ ਅਤੇ ਅੱਜ ਵੀ ਦਿੱਲੀ ਦਿਆਂ ਦਫ਼ਤਰਾਂ ਵਿੱਚ ਹੀ ਬਹਿੰਦੇ ਹਨ । ਇਹ ਹਨ ਰਾਜਨੀਤਿਕ ਡਾਕੂ , ਪ੍ਰਸ਼ਾਸਨਿਕ ਡਾਕੂ , ਜੁਡੀਸ਼ਰ ਡਾਕੂ , ਏਜੰਸੀਆਂ ਮੇਡ ਡਾਕੂ ਹੁੰਦੇ । ਨਾਲ ਇਹਨਾਂ ਦੇ ਰਲੇ ਹੋਏ ਪੰਜਾਬ ਦੇ ਗਦਾਰ ਰਾਜਨੀਤਿਕ ਪ੍ਰਸ਼ਾਸਨਿਕ ਜੁਡੀਸ਼ਰ ਅਤੇ ਏਜੰਸੀਆਂ ਮੇਡ ਡਾਕੂ । ਥੱਲਿਓਂ ਲੈ ਕੇ ਉੱਪਰ ਤੱਕ , ਚਪੜਾਸੀ ਤੋਂ ਲੈ ਕਰਕੇ ਪਰਧਾਨ ਮੰਤਰੀ ਤੱਕ , ਸਿਪਾਹੀ ਤੋਂ ਲੈ ਕੇ ਡੀ ਜੀ ਪੀ ਤੱਕ , ਸਰਪੰਚਾਂ ਤੋਂ ਲੈ ਕੇ ਮੁੱਖ ਮੰਤਰੀਆਂ ਤੱਕ ਇਹ ਸਭ ਰਲੇ ਹੋਏ ਹਨ ।ਦਿੱਲੀ ਦਿਆਂ ਦਫ਼ਤਰਾਂ ਵਿੱਚ ਦਿਨ ਰਾਤ ਏਹੀ ਵਿਚਾਰਾਂ ਚੱਲਦੀਆਂ ਲੱਗਦੀਆਂ ਹਨ ਕਿ ਸਿੱਖਾਂ ਨੂੰ ਪੰਜਾਬ ਨੂੰ ਕਿਵੇਂ ਖਤਮ ਖਤਮ ਕਰਨਾ ਹੈ , ਕਿਵੇਂ ਲੁੱਟਣਾਂ ਹੈ , ਕਿਵੇਂ ਕਮਜ਼ੋਰ ਅਤੇ ਕਿਵੇਂ ਬਰਬਾਦ ਕਰਨਾ ਹੈ ।ਪੁਰਾਣੇ ਡਾਕੂ ਲੁਟੇਰੇ ਧਾੜਵੀ ਹਾਥੀ ਘੋੜੇ ਹਥਿਆਰ ਫੌਜਾਂ ਲੈ ਕੇ ਆਉਂਦੇ ਸਨ ।ਅੱਜ ਵਾਲੇ ਮੌਡਰਨ ਡਾਕੂ ਕਾਨੂੰਨ ਲੈ ਕੇ ਆਉਂਦੇ ਹਨ , ਕਾਨੂੰਨਾਂ ਨਾਲ ਗੱਲਬਾਤ ਨਾ ਬਣੇ ਫੇਰ ਇਹ ਹਥਿਆਰ ਅਤੇ ਫੌਜਾਂ ਦਾ ਇਸਤੇਮਾਲ ਕਰਦੇ ਹਨ ।ਇਹਨਾਂ ਦਿੱਲੀ ਵਾਲੇ ਰਲੇ ਮਿਲੇ ਲੁਟੇਰਿਆਂ ਦਾ ਵਿਚਾਰ ਹੈ ਕਿ ਅਗਰ ਪੰਜਾਬ ਉੱਜੜ ਜਾਵੇ ਪੰਜਾਬ ਦਾ ਸਭ ਕੁੱਝ ਸਾਡੇ ਅੰਡਰ ਹੋ ਜਾਵੇ , ਸਿੱਖ ਮਰ ਮੁੱਕ ਉੱਜੜ ਪੁੱਜੜ ਜਾਣ ਫੇਰ ਅਸੀਂ ਬਾਕੀ ਸਾਰੀ ਹਿੰਦੋਸਤਾਨ ਵਾਸੀਆਂ ਨੂੰ ਹਿੰਦੂ ਬਣਾ ਲਵਾਂਗੇ ਅਤੇ ਫੇਰ ਹਿੰਦੂ ਰਾਸ਼ਟਰ ਬਣ ਜਾਵੇਗਾ । ਇਹ ਦਿੱਲੀ ਦਿਆਂ ਦਫ਼ਤਰਾਂ ਵਾਲੇ ਚੋਰ ਡਾਕੂ ਲਟੇਰੇ ਗੁੰਡੇ ਬਦਮਾਸ਼ ਅੱਤਵਾਦੀ ਬੜੀ ਮਿਹਨਤ ਕਰਦੇ ਹਨ , ਦਿਨ ਰਾਤ ਆਪਣੀਆਂ ਨੀਤੀਆਂ ਉੱਪਰ ਕੰਮ ਕਰਦੇ ਹਨ , ਪਲੈਨ ਬਣਾਉਂਦੇ ਹਨ , ਅਤੇ ਉੱਹਨਾਂ ਪਲੈਨਾਂ ਨੂੰ ਬੜੇ ਯੋਜਨਾਬੱਧ ਤਰੀਕੇ ਨਾਲ ਲਾਗੂ ਕਰਦੇ ਹਨ ।,ਅਗਰ ਪਲੈਨ ਕਾਮਯਾਬ ਹੋ ਜਾਵੇ ਤਾਂ ਠੀਕ ਹੈ ਉੱਸ ਨੂੰ ਪੱਕਾ ਕਰ ਦਿਓ ,.ਅਗਰ ਲੋਕਾਂ ਦੀ ਸਮਝ ਵਿੱਚ ਆ ਗਿਆ, ਰੌਲਾ ਪੈ ਗਿਆ ਧਰਨੇ ਲੱਗ ਗਏ , ਮੁਜ਼ਾਹਰੇ ਹੋਣ ਲੱਗ ਪਏ , ਕਿਸਾਨੀ ਮੋਰਚੇ ਵਾਂਗ, ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ ਵਾਂਗ ਫੇਰ ਪਲੈਨ ਵਾਪਸ ਲੈ ਲਓ ਅਤੇ ਨਾਲ ਹੀ ਅਗਲੇ ਪਲੈਨ ਦੀ ਤਿਆਰੀ ਕਰਨੀ ਸ਼ੁਰੂ ਕਰ ਦਿਓ । ਸਿੱਖਾਂ ਨੂੰ ਜਾਨਾਂ ਤੋਂ ਮਾਰਨ ਵਾਲੀ ਕਾਤਲ ਮਸ਼ੀਨ ਵੀ ਇਹਨਾਂ ਦਿੱਲੀ ਦਿਆਂ ਦਫ਼ਤਰਾਂ ਵਿੱਚੋਂ ਹੀ ਚੱਲਦੀ ਹੈ ਜੀ ਸਿੱਖੋ । ਇਹ ਸਿੱਕੇ ਦਾ ਇੱਕ ਪਾਸਾ ਹੈ, ਦੂਜੇ ਪਾਸੇ ਸਿੱਕੇ ਦੇ ਅਸੀਂ ਸਿੱਖ ਬੈਠੇ ਹਾਂ ਵਿੱਚੇ ਹੀ ਮੈਂ ਵੀ ਹਾਂ, ਚੁੱਕ ਦਿਆਂਗੇ ਰੱਖ ਦਿਆਂਗੇ ਜਿੰਦਾਬਾਦ ਮੁਰਦਾਬਾਦ ਤੇ ਕਰਨਾ ਕੁੱਝ ਵੀ ਨਹੀਂ ।ਕਰਨ ਵਾਲੇ ਸੰਦੀਪ ਸਿੰਘ ਸਨੀ ਵਰਗੇ ਜਾਂ ਜਿਹੜੇ ਵੀ ਹੋਰਨਾਂ ਸਿੰਘਾਂ ਨੇ ਦੁਸ਼ਟ ਸੋਧੇ ਹਨ ਉੱਹਨਾਂ ਕੋਈ ਰੌਲਾ ਨਹੀਂ ਪਾਇਆ, ਕੰਮ ਕੀਤਾ ਤਾਂ ਉੱਹ ਹਏ , ਬਾਕੀ ਜੋ ਕੁੱਝ ਹੋਵੇਗਾ ਵੇਖੀ ਜਾਵੇਗੀ ।ਕਦੇ ਤਿੰਨ ਕਾਲੇ ਖੇਤੀਬਾੜੀ ਕਾਨੂੰਨ , ਕਦੇ ਲੈਂਡ ਪੂਲਿੰਗ ਨੀਤੀ , ਕਦੇ ਚੰਡੀਗੜ੍ਹ ਪੰਜਾਬ ਤੋਂ ਖੋਹ ਲਓ , ਖੋਹ ਲਓ ਕੀ ਖੋਹ ਹੀ ਲਿਆ, ਕਦੇ ਯੂਨੀਵਰਸਿਟੀ ਖੋਹ ਲਓ , ਕਦੇ ਸੜਕਾਂ ਕੱਢ ਕੇ ਸਿੱਖਾਂ ਦੀਆਂ ਜਮੀਨਾਂ ਬਰਬਾਦ ਕਰ ਦਿਓ ਕਦੀ ਰੇਲਵੇ ਲਾਈਨਾਂ ਵਿਛਾ ਕੇ ਜਮੀਨਾਂ ਬਰਬਾਦ ਕਰ ਦਿਓ , ਕਦੇ ਹੜ੍ਹ ਲੈ ਆਓ ।ਬੱਸ ਇਹੀ ਕੁੱਝ ਦਿਨ ਰਾਤ ਦਿੱਲੀ ਦਿਆਂ ਦਫ਼ਤਰਾਂ ਵਿੱਚ 1947 ਤੋਂ ਚੱਲੀ ਜਾ ਰਿਹਾ ਹੈ ।ਸਾਡੇ ਕੋਲ ਕੋਈ ਇੱਕ ਕੰਮ ਦੀ ਵੀ ਨੀਤੀ ਨਹੀਂ ਹੈ ਪਲੈਨ ਨਹੀਂ ਹੈ ਕੋਈ ਵੀ ਏਕਤਾ ਨਹੀਂ ਹੈ ।ਏਸ ਕਰਕੇ ਭਾਈ ਜੀ ਰਾਜ ਚੱਲਤਾ ਹੈ ਤਿੱਕੜੇ ਕਾ ਅਤੇ ਵਾਹਿਗੁਰੂ ਹੀ ਰਾਖਾ ਹੈ ਸਿੱਖੜੇ ਕਾ । ਜਾਗੋ ਜਾਗੋ ਜਾਗੋ , ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ ਬਚਾਓ ਅਤੇ ਦਿੱਲੀ ਦੇ ਲੁਟੇਰੇ ਡਾਕੂ ਬਦਮਾਸ਼ ਅੱਤਵਾਦੀ ਵੱਖਵਾਦੀ ਭਜਾਓ ਸਿੱਖੋ ਅਤੇ ਪੰਜਾਬੀਓ।

**- ਹਰਪ੍ਰੀਤ ਸਿੰਘ ਪੰਮਾ (ਅਸਟਰੀਆ)**



# ਡਾਕਟਰ ਗੁਰਦੀਪ ਸਿੰਘ ਨਾਭਾ ਨੇ ਬਤੌਰ ਇੰਚਾਰਜ ਸਪੋਰਟਸ ਵਿੰਗ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦਾ ਚਾਰਜ ਸੰਭਾਲਿਆ

**ਤਲਵੰਡੀ ਸਾਬੋ, 20 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਫਿਜੀਕਲ ਵਿਭਾਗ ਦੇ ਮੁਖੀ ਸਹਾਇਕ ਪ੍ਰੋਫੈਸਰ ਸੋਸ਼ਲ ਸਾਇੰਸਜ ਡਾ. ਗੁਰਦੀਪ ਸਿੰਘ ਨਾਭਾ ਨੇ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਸਪੋਰਟਸ ਵਿੰਗ ਦਾ ਚਾਰਜ ਸੰਭਾਲ ਲਿਆ ਹੈ। ਗੁਰੂ ਕਾਸ਼ੀ ਕੈਂਪਸ ਦੇ ਡਾਇਰੈਕਟਰ ਡਾ. ਅਮਨਦੀਪ ਸਿੰਘ ਵੱਲੋਂ ਜਾਰੀ ਪੱਤਰ ਅਨੁਸਾਰ ਡਾ. ਗੁਰਦੀਪ ਸਿੰਘ ਨਾਭਾ ਨੂੰ ਇਹ ਅਹਿਮ ਜਿੰਮੇਵਾਰੀ, ਉਹਨਾਂ ਦੀਆਂ ਸਪੋਰਟਸ ਦੇ ਖੇਤਰ ਵਿੱਚ ਅੰਤਰ ਯੂਨੀਵਰਸਿਟੀ ਅਤੇ ਨੈਸ਼ਨਲ ਪੱਧਰ ਤੱਕ ਦੀਆਂ ਪ੍ਰਾਪਤੀਆਂ ਨੂੰ ਦੇਖਦੇ ਹੋਏ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਪ ਕੁਲਪਤੀ ਦੀਆਂ ਹਦਾਇਤਾਂ ਅਨੁਸਾਰ ਦਿੱਤੀ ਗਈ ਹੈ। ਦੱਸਣਾ ਬਣਦਾ ਹੈ ਕਿ ਡਾ.ਗੁਰਦੀਪ ਸਿੰਘ ਨਾਭਾ ਵੱਲੋਂ ਸਿਖਲਾਈ ਪ੍ਰਾਪਤ ਅਨੇਕਾਂ ਵਿਦਿਆਰਥੀ ਪੰਜਾਬ ਸਰਕਾਰ ਦੇ ਪੁਲਿਸ ਵਿਭਾਗ, ਸਿਖਿਆ ਵਿਭਾਗ ਸਮੇਤ ਹੋਰ ਕਈ ਮਹਿਕਮਿਆਂ ਵਿੱਚ ਸੇਵਾ ਕਰ ਰਹੇ ਹਨ।ਗੁਲਾਬ ਸਿੰਘ ਲੇਲੇਵਾਲਾ, ਚੰਨਦੀਪ ਸਿੰਘ, ਮਿਲਖਾ ਸਿੰਘ ਸੇਖੂ ਪੰਜਾਬ ਪੁਲਿਸ ਵਿੱਚ ਸੇਵਾ ਕਰ ਰਹੇ ਹਨ ਜਦੋਂ ਕਿ ਖੁਸ਼ਦੀਪ ਸਿੰਘ ਗਿੱਲ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਬਤੌਰ ਸਹਾਇਕ ਪ੍ਰੋਫੈਸਰ ਆਪਣੀ ਸੇਵਾ ਨਿਭਾ ਰਹੇ ਹਨ।ਅਨੇਕਾਂ ਵਿਦਿਆਰਥੀ ਸਿੱਖਿਆ ਵਿਭਾਗ ਵਿੱਚ ਬਤੌਰ ਫਿਜੀਕਲ ਅਧਿਆਪਕ ਸੇਵਾ ਕਰ ਰਹੇ ਹਨ। ਡਾ. ਗੁਰਦੀਪ ਸਿੰਘ ਨਾਭਾ ਬਹੁਤ ਹੀ ਮਿਹਨਤੀ ਅਧਿਆਪਕ ਅਤੇ ਕਾਬਲ ਸਪੋਰਟਸ ਕੋਚ ਹਨ।ਉਹਨਾਂ ਦੀ ਇਸ ਨਿਯੁਕਤੀ ਤੇ ਵਿਦਿਆਰਥੀਆਂ ਮਾਪਿਆਂ ਅਤੇ ਇਲਾਕੇ ਦੇ ਵੱਖ-ਵੱਖ ਸਮਾਜਿਕ ਅਤੇ ਸਪੋਰਟਸ ਕਲੱਬਾਂ ਵੱਲੋਂ ਖੁਸ਼ੀ ਦਾ ਇਜ਼ਹਾਰ ਕੀਤਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

### 'ਆਪ' ਸਰਕਾਰ ਦੀ ਅਗਵਾਈ ਹੇਠ

# ਹਲਕਾ ਮਜੀਠਾ ਤਰੱਕੀ ਦੀਆਂ ਲੀਹਾਂ 'ਤੇ : ਤਲਬੀਰ ਗਿੱਲ










**ਚੌਕ ਮਹਿਤਾ, 20 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਮਜੀਠਾ ਦਾ ਵਿਕਾਸ ਕਰਵਾਉਣਾ ਮੇਰੀ ਜਿੰਮੇਵਾਰੀ ਨੀ ਮੇਰਾ ਫਰਜ ਬਣਦਾ ਹੈ ਕਿਉਂਕਿ ਹਲਕਾ ਮੇਰਾ ਆਪਣਾ ਅਤੇ ਮੇਰਾ

ਆਵਾਜ਼ਿ ਕੌਮ AWAZE QAUM International Newspaper & WEB TV

ਪਰਿਵਾਰ ਹੈ ਤੇ ਇਸ ਹਲਕੇ ਨਾਲ ਮੇਰਾ ਦਿਲੋ ਲਗਾਵ ਹੈ। ਇਹਨਾਂ ਸਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕੇ ਦੀਆਂ ਸੜਕਾਂ ਦਾ ਉਦਘਾਟਨ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅੱਜ ਪਿੰਡ ਬੱਗਾ ਨੂੰ ਜਾਣ ਵਾਲੀ ਸੜਕ ਅਤੇ ਰੂਪੋਵਾਲੀ ਬ੍ਰਾਹਮਣਾ ਵਾਇਆ ਗਦਰਯਾਦਾ ਦੀ ਸੜਕ ਦੇ ਨਵੀਨੀਕਰਨ ਲਈ ਜਿਸ ਦੀ ਕੁੱਲ ਰਕਮ 73 ਲੱਖ 16 ਹਜਾਰ ਦੇ ਨੀਂਹ ਪੱਥਰ ਰੱਖਿਆ ਹੈ। ਗੁਰੂ ਸਾਹਿਬ ਕਿਰਪਾ ਕਰਨ

### ਤਲਬੀਰ ਸਿੰਘ ਗਿੱਲ ਨੇ ਵੱਖ-ਵੱਖ ਸੜਕਾਂ ਦੇ ਨਿਰਮਾਣ ਕਾਰਜ਼ ਦੇ ਨੀਂਹ ਪੱਥਰ ਰੱਖੇ

ਤੁਹਾਡੇ ਸਹਿਯੋਗ ਨਾਲ ਹਲਕਾ ਮਜੀਠਾ ਨੂੰ ਵਿਕਾਸ ਪੱਖੋਂ ਮੋਹਰੀ ਬਣਾਇਆ ਜਾਵੇਗਾ। ਇਸ ਮੌਕੇ ਹਰਪ੍ਰੀਤ ਸਿੰਘ ਬੱਗਾ, ਸੂਬੇਦਾਰ ਮਹਿੰਦਰ ਸਿੰਘ, ਜੁਗਰਾਜ ਸਿੰਘ, ਸੁਰਿੰਦਰ ਵੀਰ ਸਿੰਘ, ਲਵਪ੍ਰੀਤ ਸਿੰਘ, ਗੁਰਿੰਦਰ ਪਾਲ ਸਿੰਘ, ਪ੍ਰਿਤਪਾਲ ਸਿੰਘ ਬੱਗਾ, ਮੇਵਾ ਸਿੰਘ ਰੂਪੋਵਾਲੀ ਬ੍ਰਾਹਮਣਾ, ਗੁਰਦੇਵ ਸਿੰਘ, ਡਾ, ਨਿਸ਼ਾਨ ਸਿੰਘ ਅਰਜਨ ਮਾਂਗਾ,ਗੁਰਪਾਲ ਸਿੰਘ, ਜਸਪਾਲ ਸਿੰਘ, ਬਚਿੱਤਰ ਸਿੰਘ ਬੱਗਾ, ਮਨਜੀਤ ਸਿੰਘ ਟਹਾਲੀ ਸਾਹਿਬ, ਸਿਕੰਦਰ ਸਿੰਘ ਖਿਦੋਵਾਲੀ, ਬਲਹਾਰ ਸਿੰਘ ਏਪੀ ਚਵਿੰਡਾ ਦੇਵੀ, ਲੱਖੀ ਰੂਪੋਵਾਲੀ ਬ੍ਰਾਹਮਣਾ, ਨੰਬਰਦਾਰ ਬੱਬੀ ਆਦਿ ਵੱਡੀ ਗਿਣਤੀ ਵਿੱਚ ਆਗੂ ਹਾਜਰ ਸਨ।

# ਕਣਕ ਵਿੱਚ ਮੈਗਨੀਜ਼ ਤੱਤ ਦੀ ਘਾਟ ਦੀ ਰੋਕਥਾਮ ਸਬੰਧੀ ਪਿੰਡ ਹੇੜੀਕੇ ਵਿਖੇ ਲਗਾਈ ਕਿਸਾਨ ਗੋਸ਼ਟੀ



ਸੰਗਰੂਰ ( ਰਣਜੀਤ ਸਿੰਘ ਪੇਧਨੀ ) – ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵੱਲੋਂ ਪਿੰਡ ਹੇੜੀਕੇ ਵਿਖੇ ਕਣਕ ਵਿੱਚ ਮੈਗਨੀਜ਼ ਤੱਤ ਦੀ ਘਾਟ ਦੀ ਰੋਕਥਾਮ ਸਬੰਧੀ ਕਿਸਾਨ ਗੋਸ਼ਟੀ ਲਗਾਈ ਗਈ । ਕੇਂਦਰ ਦੇ ਇੰਚਾਰਜ ਡਾ. ਅਸ਼ੋਕ ਕੁਮਾਰ ਗਰਗ, ਜ਼ਿਲ੍ਹਾ ਪਸਾਰ ਵਿਗਿਆਨੀ (ਭੂਮੀ ਵਿਗਿਆਨ) ਨੇ ਕਣਕ ਵਿੱਚ ਮੈਗਨੀਜ਼ ਤੱਤ ਦੀ ਘਾਟ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਘਾਟ ਆਮ ਤੌਰ ਤੇ ਝੋਨਾ-ਕਣਕ ਫ਼ਸਲੀ ਚੱਕਰ ਵਾਲੀਆਂ ਰੇਤਲੀਆਂ ਜ਼ਮੀਨਾਂ ਵਿੱਚ ਜ਼ਿਆਦਾ ਵੇਖਣ ਵਿੱਚ ਆਉਂਦੀ ਹੈ। ਇਸ ਦੀਆਂ ਨਿਸ਼ਾਨੀਆਂ ਬੂਟੇ ਦੇ ਵਿਚਕਾਰਲੇ ਪੱਤਿਆਂ ਦੀਆਂ ਨਾੜੀਆਂ ਦੇ ਦਰਮਿਆਨ ਵਾਲੀ ਥਾਂ ਤੇ ਹਲਕੇ ਪੀਲੇ ਸਲੇਟੀ ਰੰਗ ਤੋਂ ਗੁਲਾਬੀ ਭੂਰੇ ਰੰਗ ਦੇ ਧੱਬਿਆਂ ਦੇ ਰੂਪ ਵਿੱਚ ਦਿਖਾਈ ਦਿੰਦੀਆਂ ਹਨ।ਬਹੁਤ ਜ਼ਿਆਦਾ ਘਾਟ ਆਉਣ ਨਾਲ ਬੂਟੇ ਬਿਲਕੁਲ

ਆਵਾਜ਼ਿ ਕੌਮ AWAZE QAUM International Newspaper & WEB TV

ਸੁੱਕ ਜਾਂਦੇ ਹਨ। ਉਹਨਾਂ ਦੱਸਿਆ ਕਿ ਮੈਗਨੀਜ਼ ਦੀ ਘਾਟ ਵਾਲੀਆਂ ਜ਼ਮੀਨਾਂ ਵਿੱਚ ਜਿੱਥੇ ਮਿੱਟੀ ਪਰਖ ਰਿਪੋਰਟ ਵਿੱਚ ਮੈਗਨੀਜ਼ ਤੱਤ ਦੀ ਮਾਤਰਾ 3.5 ਕਿੱਲੋ ਪ੍ਰਤੀ ਏਕੜ ਤੋਂ ਘੱਟ ਹੋਵੇ ਉੱਥੇ 0.5% ਮੈਗਨੀਜ਼ ਸਲਫ਼ੇਟ (ਇੱਕ ਕਿਲੋ ਮੈਗਨੀਜ਼ ਸਲਫ਼ੇਟ 200 ਲਿਟਰ ਪਾਣੀ ਵਿੱਚ) ਦਾ ਇੱਕ ਛਿੜਕਾਅ ਪਹਿਲੇ ਪਾਣੀ ਤੋਂ 2-4 ਦਿਨ ਪਹਿਲਾਂ ਅਤੇ 3 ਛਿੜਕਾਅ ਹਫ਼ਤੇ-ਹਫ਼ਤੇ ਦੇ ਫ਼ਰਕ ਨਾਲ ਬਾਅਦ ਵਿੱਚ ਧੁੱਪ ਵਾਲੇ ਦਿਨਾਂ ਵਿੱਚ ਕਰਨੇ ਚਾਹੀਦੇ ਹਨ। ਹਾੜ੍ਹੀ ਦੀਆਂ ਮੁੱਖ ਫਸਲਾਂ ਵਿੱਚ ਸੁਚੱਜੇ ਖੁਰਾਕ ਪ੍ਰਬੰਧਨ ਬਾਰੇ ਵਿਚਾਰ ਸਾਂਝੇ ਕਰਦੇ ਹੋਏ ਡਾ. ਗਰਗ ਨੇ ਕਣਕ ਵਿੱਚ ਯੂਰੀਆ, ਜ਼ਿੰਕ ਅਤੇ ਗੰਧਕ ਦੀ ਲੋੜੀਂਦੀ ਮਾਤਰਾ ਬਾਰੇ ਵੀ ਚਾਨਣਾ ਪਾਇਆ। ਕਿਸਾਨਾਂ ਵੱਲੋਂ ਪੁੱਛੇ ਗਏ ਵੱਖ-ਵੱਖ ਸਵਾਲਾਂ ਜਿਵੇਂ ਕਿ ਕਣਕ ਵਿੱਚ ਜ਼ਿੰਕ ਅਤੇ ਗੰਧਕ ਦੀ ਘਾਟ ਦਾ ਪ੍ਰਬੰਧਨ, ਚੂਨੇ ਦੇ ਪਾਣੀ ਦੀ ਲੋੜ, ਮਿੱਟੀ ਪਰਖ ਰਿਪੋਰਟ ਦੀ ਵਿਆਖਿਆ, ਨੈਨੋ ਯੂਰੀਆ ਨਾ ਵਰਤਣ ਤੇ ਜੋਰ, ਕਈ ਖਾਦਾਂ ਨੂੰ ਰਲਾ ਕੇ ਵਰਤਣ ਦੇ ਨੁਕਸਾਨ ਆਦਿ ਦੇ ਜਵਾਬ ਦਿੱਤੇ ਗਏ। ਇਸ ਮੌਕੇ ਤੇ ਪਿੰਡ ਦੇ ਅਗਾਂਹਵਧੂ ਕਿਸਾਨ ਸ. ਰਵਿੰਦਰ ਸਿੰਘ ਨੇ ਕਿਸਾਨ ਗੋਸ਼ਟੀ ਲਗਾਉਣ ਵਿੱਚ ਪੂਰਾ ਸਹਿਯੋਗ ਦਿੱਤਾ। ਇਸ ਮੌਕੇ ਖੇਤ ਵਿੱਚ ਮੈਗਨੀਜ਼ ਤੱਤ ਦੀ ਘਾਟ ਵਾਲੇ ਕਿਸਾਨਾਂ ਨੂੰ ਕਣਕ ਦੀ ਫਸਲ ਤੇ ਛਿੜਕਾਅ ਕਰਨ ਲਈ ਪ੍ਰਦਰਸ਼ਨੀ ਦੇ ਤੌਰ ਤੇ ਮੈਗਨੀਜ਼ ਸਲਫੇਟ ਵੀ ਦਿੱਤਾ ਗਿਆ। ਅੰਤ ਵਿੱਚ ਟੀਮ ਨੇ ਕਣਕ ਦੇ ਖੇਤਾਂ ਦਾ ਦੌਰਾ ਵੀ ਕੀਤਾ।

# ਗੋਲੀਕਾਂਡ ਵਿੱਚ ਕਤਲ ਕੀਤੇ ਮੱਖਣ ਸਿੰਘ ਘਨਸਾਪੁਰ ਦੇ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਕੁਲਦੀਪ ਸਿੰਘ ਧਾਰੀਵਾਲ ਪੁੱਜੇ




**ਚੌਕ ਮਹਿਤਾ , 20 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਥਾਣਾ ਮਹਿਤਾ ਚੌਕ ਅਧੀਨ ਪੈਂਦੇ ਪਿੰਡ ਘਣਸ਼ਾਮਪੁਰ ਦੇ ਮੱਖਣ ਸਿੰਘ ਪੁੱਤਰ ਮਧੋਲੂ ਰਾਮ, ਵਾਸੀ ਬਾਜ਼ੀਗਰ ਡੇਰਾ ਛੋਟਾ ਘਨਸਾਮਪੁਰ ਦਾ ਅੰਮ੍ਰਿਤਸਰ ਦੇ ਬੱਸ ਸਟੈਂਡ 'ਤੇ ਅਣਪਛਾਤੇ ਹਮਲਾਵਰਾਂ ਵੱਲੋਂ ਚਿੱਟੇ ਦਿਨ ਸਰੇਆਮ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਹੈ। ਮ੍ਰਿਤਕ ਪ੍ਰਾਈਵੇਟ ਟਰਾਂਸਪੋਰਟ ਬੱਸਾਂ ਵਿੱਚ ਅੱਡਾ ਇੰਚਾਰਜ ਵਜੋਂ ਕੰਮ ਕਰਦਾ ਸੀ। ਤੇ ਕਿਸੇ ਰੰਜਿਸ਼ ਦੇ ਚਲਦਿਆਂ ਕਤਲ

ਆਵਾਜ਼ਿ ਕੌਮ AWAZE QAUM International Newspaper & WEB TV

ਕਰ ਦਿੱਤਾ ਗਿਆ !ਜਿਸ ਦੇ ਸੰਬੰਧ ਵਿੱਚ ਅੱਜ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਲਈ ਸਾਬਕਾ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਅਤੇ ਤਲਬੀਰ ਸਿੰਘ ਗਿੱਲ ਅਫਸੋਸ ਕਰਨ ਲਈ ਪੁੱਜੇ ਉਹਨਾਂ ਨੇ ਪਰਿਵਾਰ ਨਾਲ ਅਫਸੋਸ ਪ੍ਰਗਟ ਕਰਦਿਆਂ ਭਰੋਸਾ ਦਿੱਤਾ ਕਿ ਜਲਦ ਹਮਲਾਵਰਾਂ ਨੂੰ ਫੜ ਕੇ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇਗੀ। ਅਤੇ ਪਰਿਵਾਰ ਦੀ ਵੀ ਬਣਦੀ ਮਾਲੀ ਸਹਾਇਤਾ ਕੀਤੀ ਜਾਵੇਗੀ। ਜ਼ਿਕਰ ਯੋਗ ਹੈ ਕਿ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਸਮੇਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਧ ਤੋਂ ਵੱਧ ਪ੍ਰਵਾਰ ਦੀ ਮਦਦ ਕੀਤੀ ਜਾਵੇਗੀ। ਮ੍ਰਿਤਕ ਮੱਖਣ ਸਿੰਘ ਤਿੰਨ ਬੱਚੇ ਸਾਹਿਲ ਸਿੰਘ, ਆਕਾਸ਼ਦੀਪ ਸਿੰਘ ਅਤੇ ਮੁਸਕਾਨ ਕੌਰ ਤੋਂ ਇਲਾਵਾ ਪਤਨੀ ਰਾਜ ਕੌਰ ਅਤੇ ਮਾਤਾ ਭੋਲੀ ਦੇਵੀ ਨੂੰ ਵਿਲਕਦਿਆਂ ਛੱਡ ਗਿਆ ਹੈ। ਦੱਸਣ ਯੋਗ ਹੈ ਮੱਖਣ ਸਿੰਘ ਤੇ ਇੱਕ ਭਰਾ ਅਤੇ ਪਿਤਾ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ। ਪਰਿਵਾਰ ਨੇ ਦੱਸਿਆ ਕਿ ਮ੍ਰਿਤਕ ਮੱਖਣ ਸਿੰਘ ਦੀ ਪਤਨੀ ਆਂਗਣਵਾੜੀ ਵਿੱਚ ਕੰਮ ਕਰਦੀ ਹੈ। ਉਸ ਨੂੰ ਪੱਕਿਆ ਕਰਨ ਤੇ ਪਰਿਵਾਰ ਦੇ ਮਾਲੀ ਸਹਾਇਤਾ ਕਰਨ ਦੀ ਮੰਗ ਕੀਤੀ। ਇਸ ਮੌਕੇ ਡੀਐਸਪੀ ਰਵਿੰਦਰ ਸਿੰਘ ਜੰਡਿਆਲਾ ਗੁਰੂ ,ਥਾਣਾ ਮਹਿਤਾ ਚੌਂਕ ਦੇ ਮੁਖੀ ਐਸ ਐਚ ਓ ਹਰਪਾਲ ਸਿੰਘ ਤੇ ਸਰਪੰਚ ਬੀਰ ਸਿੰਘ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਹੁਪੱਖੀ, ਨਿੱਘੀ, ਸੁੱਚੀ ਅਤੇ ਸਪਸ਼ਟਤਾ ਦੇ ਧਾਰਨੀ

# ਪ੍ਰਵੀਨ ਕਾਲੀਆ ਹਿੰਦੀ ਮਾਸਟਰ



ਬਹੁਤ ਸਾਰੀਆਂ ਵਿੱਦਿਆਕ ਸੰਸਥਾਵਾਂ ਦੇ ਵਿਚ ਮੈਂ ਬਤੌਰ ਅਧਿਆਪਕ ਅਤੇ ਮੁਖੀ ਹੋਣ ਦਾ ਕਾਰਜ ਕੀਤਾ ਅਤੇ ਆਪਣੇ ਸਾਥੀ ਅਧਿਆਪਕਾਂ ਨਾਲ ਸਿੱਖਿਆ ਦੇ ਸਫ਼ਰ ਵਿਚ ਨਿੱਘੇ ਸਤਿਕਾਰਤ ਸਬੰਧ ਰਹੇ ਤੇ ਉਹਨਾਂ ਨਾਲ ਬਤੀਤ ਕੀਤੇ ਪਲ ਸਦਾ ਹੀ ਯਾਦ ਆਉਂਦੇ ਰਹਿੰਦੇ ਹਨ। ਜਦੋਂ ਕਿਸੇ ਸ਼ਖਸ਼ੀਅਤ ਵੱਲ ਧਿਆਨ ਜਾਂਦਾ ਹੈ ਤਾਂ ਉਨ੍ਹਾਂ ਨਾਲ ਬਤੀਤ ਕੀਤੇ ਪਲਾਂ ਦਾ ਮੰਜਰ, ਅੱਖਾਂ ਅੱਗੇ ਆ ਜਾਂਦਾ ਹੈ। ਅਜਿਹੀ ਹੀ ਨਿੱਘੀ, ਸਾਫ ਸੁਥਰੀ ਅਤੇ ਵਧੀਆ ਸ਼ਖਸ਼ੀਅਤ ਦੇ ਮਾਲਕ ਹਨ ਸ੍ਰੀ ਪ੍ਰਵੀਨ ਕਾਲੀਆ ਹਿੰਦੀ ਮਾਸਟਰ। ਉਹ ਸਾਫ਼ ਦਿਲ ਇਨਸਾਨ ਹਨ ਅਤੇ ਅੰਦਰੋਂ ਬਾਹਰੋਂ ਇੱਕ ਹਨ।ਉਹ ਜਦੋਂ ਵੀ ਕਿਸੇ ਗੱਲ ਦਾ ਪ੍ਰਗਟਾਵਾ ਕਰਦੇ ਹਨ ਤਾਂ ਉਹ ਹਰ ਇੱਕ ਦਾ ਠੀਕ ਤੇ ਸਹੀ ਜਵਾਬ ਮੌਕੇ ਦੇ ਦਿੰਦੇ ਹਨ ਉਹ ਇਸ ਕਾਬਲੀਅਤ ਦੇ ਮਾਲਕ ਹਨ। ਬੇਸ਼ਕ ਮੈਂ ਆਪਣੇ ਸਰਕਾਰੀ ਨੌਕਰੀ ਦੇ ਸਫ਼ਰ ਵਿਚ ਉਹਨਾਂ ਨਾਲ ਪੰਜ ਕੁ ਸਾਲ ਬਿਤਾਏ ਹਨ ਤੇ ਉਹਨਾਂ ਨੂੰ ਅੰਦਰ ਤੋਂ ਜਾਣੂ ਹੋਇਆ ਹਾਂ ਹੁਣ ਇਸ ਤਰ੍ਹਾਂ ਲੱਗਦਾ ਹੈ ਕਿ ਜਿਵੇਂ ਮੈਂ ਉਹਨਾਂ ਨਾਲ ਆਪਣੀ ਸਾਰੀ ਸਰਵਿਸ ਬਤੀਤ ਕੀਤੀ ਹੋਵੇ ਉਹਨਾਂ ਵਿਚ ਕੋਈ ਵਲ ਛਲ ਨਹੀਂ, ਸੱਚ ਅਤੇ ਸਪਸ਼ਟਤਾ ਦੇ ਧਾਰਨੀ ਹਨ। ਉਹ ਧਾਰਮਿਕ ਵਿਚਾਰਧਾਰਾ ਦੇ ਮਾਲਕ ਹਨ ਅਤੇ ਸਦਾ ਹੀ ਸੱਚ ਬੋਲਦੇ ਹਨ ਤੇ ਉਹ ਝੂਠ ਦੇ ਕੋਲੋਂ ਦੂਰੋਂ ਹੀ ਲੰਘ ਜਾਂਦੇ। ਇਹ ਗੁਣ ਵਿਰਲੇ ਹੀ ਇਨਸਾਨਾਂ ਵਿਚ ਹੁੰਦੇ ਹਨ ਨਹੀ ਤਾਂ ਬਹੁਤੀ ਦੁਨੀਆ ਮੂੰਹ ਤੇ ਜੀ ਜੀ ਹਾਂਜੀ ਹਾਂਜੀ ਤੇ ਪਿੱਠ ਪਿੱਛੇ ਕੁੱਝ ਹੋਰ ਹੀ ਬਣ ਜਾਂਦੀ ਹੈ ਪਰ ਇਹਨਾਂ ਦੀ ਆਪਣੀ ਹੀ ਵਿਚਾਰਧਾਰਾ ਹੈ ਉਹ ਕਦੇ ਵੀ ਕਿਸੇ ਦੇ ਬਹਿਕਾਵੇ ਵਿਚ ਨਹੀਂ ਆਉਂਦੇ ਉਹ ਸਾਹਮਣੇ ਵਾਲੇ ਨੂੰ ਪਹਿਲਾਂ ਸਮਝਦੇ ਹਨ ਕਿ ਉਹ ਕਿੱਥੋਂ ਬੋਲਦਾ ਹੈ ਤੇ ਫ਼ਿਰ ਨਤੀਜੇ ਤੇ ਪੁੱਜਦੇ ਹਨ।ਉਹਨਾਂ ਕੋਲ ਸਕੂਲ ਪ੍ਰੀਖਿਆਵਾਂ ਦਾ ਚਾਰਜ ਸੀ ਤੇ ਉਸ ਸਮੇਂ ਤੋਂ ਪਹਿਲਾਂ ਹੀ ਸਾਰੇ ਕਮਰੇ ਸੈੱਟ ਕਰਵਾ ਦਿੰਦੇ ਸੀ। ਹਰ ਕਮਰੇ ਵਿਚ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਪ੍ਰਸ਼ਨ ਪੱਤਰ ਅਤੇ ਉੱਤਰ ਪੱਤਰੀਆਂ ਉਹਨਾਂ ਨੇ ਪਹਿਲਾਂ ਹੀ ਸੈੱਟ ਕਰਕੇ ਰੱਖੀਆਂ ਹੁੰਦੀਆਂ ਸਨ। ਉਹ ਸਮੇਂ ਤੋਂ ਪਹਿਲਾ ਹੀ ਅਗਾਊਂ ਸੁਚੇਤ ਹੋ ਕੇ ਕਾਰਜ ਕਰਦੇ ਸਨ ਤੇ ਸਾਰੀਆਂ ਕਾਰਗੁਜ਼ਾਰੀਆਂ ਮੇਰੇ ਨਾਲ ਸਾਂਝੀਆਂ ਕਰ ਲੈਂਦੇ ਸਨ। ਰੋਜ਼ਾਨਾ ਸਵੇਰ ਦੀ ਸਭਾ ਤੋਂ ਹੀ ਪਹਿਲਾਂ ਉਹ ਅਧਿਆਪਕਾਂ ਦੀ ਡਿਊਟੀ ਲਗਾ ਕੇ ਪ੍ਰਸ਼ਨ ਪੱਤਰ, ਉੱਤਰ ਪੱਤਰੀਆਂ ਅਤੇ ਧਾਗੇ ਉਹਨਾਂ ਦੇ ਹਵਾਲੇ ਕਰ ਦਿੰਦੇ ਸੀ। ਇਥੇ ਹੀ ਬੱਸ ਨਹੀਂ ਉਹ ਆਪ ਵੀ ਸਕੂਲ ਵਿਚ ਖੁਦ ਨਿਗਰਾਨ ਦੀ ਡਿਊਟੀ ਨਿਭਾਉਂਦੇ ਸੀ। ਹਰ ਕਮਰੇ ਵਿਚ ਉੱਤਰ ਪੱਤਰੀਆਂ ਧਾਗੇ ਪਹੁੰਚਾਉਂਦੇ ਸਨ। ਉਹ ਚਾਰੇ ਪਾਸੇ ਧਿਆਨ ਰੱਖਦੇ, ਸਾਰੇ ਕਮਰਿਆਂ ਵਿਚ ਗੇੜਾ ਮਾਰਦੇ। ਇਹ ਹੀ ਇੱਕ ਚੰਗੀ ਡਿਊਟੀ ਪ੍ਰੀਖਿਆ ਕੇਂਦਰ ਦੇ ਸੁਪਰਡੈਂਟ ਦੀ ਹੁੰਦੀ ਹੈ। ਪੇਪਰ ਖਤਮ ਹੋਣ ਉਪਰੰਤ ਉਹਨਾਂ ਨੇ ਕਲਾਸ ਅਨੁਸਾਰ ਪੇਪਰਾਂ ਦੇ ਪੈਕਟ ਬਣਾ ਕੇ ਆਪਣੇ ਸਾਥੀ ਅਧਿਆਪਕਾਂ ਦੇ ਸਪੁਰਦ ਕਰ ਦਿੰਦੇ ਸਨ ਤੇ ਇਸ ਦਾ ਸਮੁੱਚਾ ਰਿਕਾਰਡ ਇੱਕ ਰਜਿਸਟਰ ਵਿਚ ਰੱਖਦੇ ਸਨ। ਉਹਨਾਂ ਕੋਲ ਹਿੰਦੀ ਦੇ ਪੀਰੀਅਡ ਦੂਜੇ ਅਧਿਆਪਕਾਂ ਦੇ ਮੁਕਾਬਲੇ ਵੱਧ ਹੁੰਦੇ ਸਨ ਕਿਉਂਕਿ ਸਕੂਲ ਵਿਚ ਹਿੰਦੀ ਦੀ ਇੱਕ ਹੀ ਪੋਸਟ ਸੀ। ਸ੍ਰੀ ਪ੍ਰਵੀਨ ਕਾਲੀਆ ਹਰੇਕ ਅਧਿਆਪਕ ਦੇ ਕਾਰਜਾਂ ਵਿਚ ਸਹਿਯੋਗ ਦਿੰਦੇ ਸਨ। ਉਹ ਦਫ਼ਤਰੀ ਕਾਰਜਾਂ ਦੇ ਮਾਹਰ ਸਨ ਅਤੇ ਖਾਸ ਕਰ ਵਿਤੀ ਮਾਮਲੇ ਦੇ ਕਾਰਜ ਸਦਾ ਹੀ ਆਨਲਾਈਨ ਰੱਖਦੇ ਸਨ।ਅੱਜ ਵੀ ਮੈਨੂੰ ਯਾਦ ਹੈ ਕਿ ਅਚਾਨਕ ਹੀ ਸਿੱਖਿਆ ਵਿਭਾਗ ਨੇ ਕੋਈ ਜਰੂਰੀ ਡਾਕ ਮੰਗਵਾਈ ਤੇ ਉਸਨੂੰ ਤਿਆਰ ਕਰਵਾ ਕੇ ਉਹਨਾਂ ਨੂੰ ਫੜਾ ਕੇ ਕਿਹਾ ਕਿ ਤੁਸੀਂ ਇਸ ਨੂੰ ਸੀਨੀਅਰ ਸੈਕੰਡਰੀ ਸਕੂਲ ਜੋ ਸਾਡੇ ਸਕੂਲ ਤੋਂ 12 ਕਿਲੋਮੀਟਰ ਦੂਰ ਹੈ ਉੱਥੇ ਫੜਾਉਣ ਲਈ ਉਹਨਾਂ ਨੂੰ ਭੇਜਿਆ ਤੇ ਉਹਨਾਂ ਨੇ ਉਸ ਸਕੂਲ ਜਾ ਕੇ ਡਾਕ ਦੇ ਕੇ ਵਾਪਸ ਸਕੂਲ ਆਏ।ਅਜੇ ਆ ਕੇ ਬੈਠੇ ਹੀ ਸਨ ਇੱਕ ਡਾਕ ਕਲੱਸਟਰ ਸਕੂਲ ਨੇ ਮੰਗਵਾਈ ਜੋ ਸਾਡੇ ਸਕੂਲ ਤੋਂ ਪੰਜ ਕਿਲੋਮੀਟਰ ਦੂਰ ਸੀ ਤੇ ਉਹਨਾਂ ਨੂੰ ਇਹ ਵੀ ਦੂਜਾ ਕਾਰਜ ਦੇ ਦਿੱਤਾ ਤੇ ਉਹ ਫਿਰ ਦੂਜੇ ਸਕੂਲ ਡਾਕ ਦੇਣ ਨੂੰ ਚਲੇ ਗਏ। ਅਜੇ ਆਪਣੇ ਸਕੂਲ ਆ ਕੇ ਉਹਨਾਂ ਨੇ ਦਮ ਹੀ ਨਹੀਂ ਲਿਆ ਹੋਵੇਗਾ ਕਿ ਸਿੱਖਿਆ ਦਫ਼ਤਰ ਵੱਲੋਂ ਕੁੱਝ ਕੰਮ ਕਰਨ ਲਈ ਆ ਗਿਆ ਤੇ ਇਸ ਕਾਰਜ ਨੂੰ ਤਿਆਰ ਕਰਕੇ ਫਿਰ ਉਹਨਾਂ ਨੂੰ ਤੀਜੀ ਵਾਰ ਕਹਿਣ ਨੂੰ ਤਾਂ ਨਹੀਂ ਜੀ ਕਰਦਾ ਸੀ ਪਰ ਫਿਰ ਵੀ ਉਹਨਾਂ ਨੂੰ ਇਹ ਕਿਹਾ ਗਿਆ ਕਿ ਇਹ ਸਕੂਲ ਦੀ ਡਾਕ ਸ਼ਹਿਰ ਦੇ ਸਿੱਖਿਆ ਦਫ਼ਤਰ ਵਿਚ ਦੇ ਆਓ ਕਿਉਂਕਿ ਸਕੂਲ ਵਿਚ ਪਹਿਲਾ ਹੀ ਕਲਰਕ ਅਤੇ ਦਰਜਾ ਚਾਰ ਦੀ ਘਾਟ ਸੀ। ਹਾਈ ਸਕੂਲ ਹੋਣ ਦੇ ਬਾਵਜੂਦ ਵੀ ਉੱਥੇ ਇਹ ਮਨਜ਼ੂਰ ਸ਼ੁਦਾ ਪੋਸਟਾਂ ਵੀ ਨਹੀਂ ਸਨ ਇਸ ਤਰਾਂ ਫ਼ਿਰ ਤੀਜੀ ਵਾਰੀ ਉਹ ਸ਼ਹਿਰ ਦੇ ਦਫਤਰ ਵਿਚ ਡਾਕ ਦੇਣ ਲਈ ਚਲੇ ਗਏ।ਉਹਨਾਂ ਵਿਚ ਐਨਾਂ ਜਿਆਦਾ ਸਬਰ ਸੀ। ਇਸ ਤਰਾਂ ਮੈਂ ਦੇਖਿਆ ਉਹਨਾਂ ਦੇ ਵਿਚ ਸਦਾ ਹੀ ਹਾਂ ਪੱਖੀ ਰਵੱਈਆ ਸੀ। ਅਜਿਹੀ ਕਾਰਜਸ਼ੀਲਤਾ, ਸਹਿਣਸ਼ੀਲਤਾ ਅਤੇ ਸਤਿਕਾਰਤਾ ਉਹਨਾਂ ਵਿਚ ਮੈਨੂੰ ਉੱਡ ਉੱਡ ਕੇ ਨਜ਼ਰ ਆਈ। ਉਹਨਾਂ ਨੇ ਮੇਰੇ ਵਿਭਾਗੀ ਕਾਰਜਾਂ ਅਤੇ ਮੇਰੀ ਨਿਜੀ ਕਾਰਜਾਂ ਵਿਚ ਵੀ ਸਹਿਯੋਗ ਦਿੱਤਾ ਤੇ ਮੈਂ ਉਹਨਾਂ ਨੂੰ ਕਦੇ ਵੀ ਭੁਲਾ ਨਹੀਂ ਸਕਦਾ। ਉਹਨਾਂ ਤੇ ਪਰਮਾਤਮਾ ਦੀ ਐਨੀ ਬਖਸ਼ਿਸ਼ ਹੈ ਕਿ ਉਹ ਆਪਣੀ ਪਹੁੰਚ ਨਾਲ ਉਲਝੇ ਹੋਏ ਕੰਮ ਨੂੰ ਵੀ ਸੁਲਝਾ ਲੈਂਦੇ ਹਨ। ਇਹੋ ਜਿਹੇ ਪਿਆਰੇ ਇਨਸਾਨ ਕਿਤੇ ਕਿਤੇ ਹੀ ਮਿਲਦੇ ਹਨ। ਉਹਨਾਂ ਦੀ ਕਰਵਾਈ ਗਈ ਸਿਫਾਰਸ਼ ਰਾਹੀ ਅਫ਼ਸਰਸ਼ਾਹੀ ਵੀ ਸਹੀ ਕਾਰਜ ਕਰਕੇ ਰਾਹ ਤੇ ਆ ਜਾਂਦੇ ਸਨ। ਇਸ ਸਾਥੀ ਅਧਿਆਪਕ ਨਾਲ ਅੰਦਰੋਂ ਦਿਲੀ ਸਾਂਝ ਹੈ ਤੇ ਇਹ ਸਦੀਵੀ ਰਹੇਗੀ। ਸਕੂਲ ਦੇ ਦਫ਼ਤਰੀ ਕਾਰਜਾਂ ਵਿਚ ਉਹਨਾਂ ਨੇ ਮੈਨੂੰ ਇੱਕ ਸਕੂਲ ਮੁਖੀ ਹੋਣ ਦੇ ਨਾਤੇ ਬਹੁਤ ਸਹਿਯੋਗ ਦਿੱਤਾ। ਉਨ੍ਹਾਂ ਨੂੰ ਸਕੂਲ ਦਾ ਸਮੁੱਚਾ ਦਫਤਰੀ ਚਾਰਜ ਦਿੱਤਾ ਹੋਇਆ ਸੀ।ਜਿਸ ਕਰਕੇ ਸਾਰੇ ਕੰਮ ਸਮੇਂ ਸਿਰ ਹੋ ਰਹੇ ਸਨ। ਕੁੱਝ ਰਕਮ ਸਕੂਲ ਵਿਚ ਫੁੱਲ, ਬੂਟੇ, ਦਰਖਤਾਂ ਆਦਿ ਲਗਾਉਣ ਲਈ ਆਈ ਸੀ ਤੇ ਉਹਨਾਂ ਨਾਲ ਸਰਦਾਰ ਗੁਰਸੇਵਕ ਸਿੰਘ ਸਿੱਧੂ ਪੰਜਾਬੀ ਅਧਿਆਪਕ ਅਤੇ ਖੁਦ ਮੈਂ ਨਰਸਰੀ ਵਿਖੇ ਗਏ ਤੇ ਉੱਥੇ ਜਾ ਕੇ ਬੂਟਿਆਂ ਦੀ ਪਸੰਦ ਕਰਾਈ ਤੇ ਫਿਰ ਸਾਰੇ ਬੂਟੇ ਗਿਣ ਕੇ ਛੋਟੀ ਹਾਥੀ ਗੱਡੀ ਵਿਚ ਰਖਵਾ ਕੇ ਸਕੂਲ ਪਹੁੰਚਾਏ।ਅੱਜ ਵੀ ਉਹ ਮਨ ਅੰਦਰ ਉੱਕਰੀ ਹੋਈ ਤਸਵੀਰ ਦੇਖਦਾ ਹਾਂ ਤਾਂ ਮਨ ਖੁਸ਼ ਹੋ ਜਾਂਦਾ ਹੈ ਕਿ ਮੈਨੂੰ ਅਜਿਹੇ ਸਾਥੀਆਂ ਦਾ ਸਾਥ ਮਿਲਿਆ। ਸ੍ਰੀ ਪ੍ਰਵੀਨ ਕਾਲੀਆ ਹਿੰਦੀ ਅਧਿਆਪਕ ਦੇ ਕੀਤੇ ਸਾਰੇ ਕਾਰਜਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਨੇ ਸਕੂਲ ਦਾ ਇੱਕ ਧੁਰਾ ਬਣ ਕੇ ਸੇਵਾ ਕਾਰਜ ਕੀਤੇ ਤੇ ਇਹ ਯਾਦਾਂ ਸਕੂਲ ਮੁਖੀ ਦੀਆਂ ਅਭੁੱਲ ਸੁਨਹਿਰੀ ਹਨ।

**-ਪ੍ਰਿੰਸੀਪਲ ਜਸਪਾਲ ਸਿੰਘ ਲੋਹਾਮ**
ਮਕਾਨ ਨੰਬਰ 166, ਗਲੀ ਹਜ਼ਾਰਾ ਸਿੰਘ ਮੋਗਾ
ਮੌਜੂਦਾ ਪਤਾ: 14312, 71 ਏ, ਸਰੀ ਕਨੇਡਾ।
ਵਟਸਐਪ: +91-97-810-40140

ਤਰਨਤਾਰਨ ਦੀ ਵਿਧਾਨ ਸਭਾ ਚੋਣ

# ਪੰਜਾਬ ਅਤੇ ਜਮਹੂਰੀਅਤ ਦੇ ਭਵਿੱਖ ਲਈ ਗੰਭੀਰ ਖ਼ਤਰਾ: ਯੂਨਾਈਟਿਡ ਅਕਾਲੀ ਦਲ

**ਬਠਿੰਡਾ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਯੂਨਾਈਟਿਡ ਅਕਾਲੀ ਦਲ ਦੇ ਪ੍ਰਧਾਨ ਗੁਰਦੀਪ ਸਿੰਘ ਬਠਿੰਡਾ, ਕਾਰਜਕਾਰੀ ਪ੍ਰਧਾਨ ਬੂਟਾ ਸਿੰਘ ਰਣਸਿੰਹ ਅਤੇ ਸਕੱਤਰ ਜਨਰਲ ਜਤਿੰਦਰ ਸਿੰਘ ਈਸੜੂ ਨੇ ਇੱਕ ਸਾਂਝੇ ਬਿਆਨ ਵਿੱਚ ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣਾਂ ਨੂੰ "ਜਮਹੂਰੀਅਤ 'ਤੇ ਸਿੱਧਾ ਹਮਲਾ" ਕਰਾਰ ਦਿੰਦਿਆਂ ਗੰਭੀਰ ਚਿੰਤਾ ਪ੍ਰਗਟ ਕੀਤੀ।



ਹੁਣੇ ਕਿਹਾ ਕਿ ਕੁਝ ਗਿਣਤੀ ਦੇ ਪੱਤਰਕਾਰਾਂ ਤੋਂ ਇਲਾਵਾ ਪੱਤਰਕਾਰ ਭਾਈਚਾਰੇ ਅਤੇ ਬੁੱਧੀਜੀਵੀਆਂ ਵੱਲੋਂ ਚੋਣ ਦੌਰਾਨ ਵਾਪਰੀਆਂ ਗੜਬੜਾਂ 'ਤੇ ਚੁੱਪ ਸਦਮੇ ਅਤੇ ਸੁੰਨ ਹੋ ਰਹੀ ਜਮੀਰ ਦੀ ਨਿਸ਼ਾਨੀ ਹੈ।ਉਹਨਾਂ ਨੇ ਤਿੱਖੇ ਸ਼ਬਦਾਂ 'ਚ ਕਿਹਾ ਕਿ ਜਦੋਂ ਦਿਨ ਦਿਹਾੜੇ ਲੋਕਤੰਤਰ ਦੀ ਲੁੱਟ ਹੋ ਰਹੀ ਹੋਵੇ, ਤਾਂ ਪ੍ਰਸ਼ਾਸਨ — ਖ਼ਾਸ ਕਰਕੇ ਪੰਜਾਬ ਦੇ ਡੀਜੀਪੀ ਅਤੇ ਜ਼ਰੂਰੀ ਅਧਿਕਾਰੀ — ਇਖਲਾਕੀ ਤੌਰ 'ਤੇ ਜਵਾਬਦੇਹ ਹਨ।

ਯੂਨਾਈਟਿਡ ਅਕਾਲੀ ਦਲ ਨੇ ਮੰਗ ਕੀਤੀ ਹੈ ਕਿ ਤਰਨਤਾਰਨ ਚੋਣਾਂ ਦੀ ਪੂਰੀ ਜਾਂਚ ਹਾਈ ਕੋਰਟ ਦੇ ਸਿਟਿੰਗ ਜੱਜ ਜਾਂ ਸੀਬੀਆਈ ਦੁਆਰਾ ਕਰਵਾਈ ਜਾਵੇ। ਬਿਆਨ ਵਿੱਚ ਦੋਸ਼ ਲਗਾਇਆ ਗਿਆ ਕਿ ਇਸ ਪੂਰੇ ਪ੍ਰਸੰਗ ਦੇ ਮੁੱਖ ਜਿੰਮੇਵਾਰ ਕੇਜਰੀਵਾਲ-ਸਿਸੋਦੀਆ ਜੋੜੀ, ਸੁਖਬੀਰ ਸਿੰਘ ਬਾਦਲ, ਹਰਮੀਤ ਸਿੰਘ ਸੰਧੂ ਅਤੇ ਭਗਵੰਤ ਸਿੰਘ ਮਾਨ ਹਨ।

ਬਿਆਨ ਵਿੱਚ ਦੋ ਗੈਂਗਸਟਰ ਗਰੁੱਪਾਂ — ਬਾਠ ਗਰੁੱਪ ਅਤੇ ਚੀਮਾ ਗਰੁੱਪ — ਦੀ ਸਰਗਰਮੀ ਦਾ ਵੀ ਜ਼ਿਕਰ ਕੀਤਾ ਗਿਆ, ਜਿਨ੍ਹਾਂ ਖ਼ਿਲਾਫ ਕਤਲ ਸਮੇਤ ਕਈ ਗੰਭੀਰ ਮਾਮਲੇ ਦਰਜ ਹਨ। ਦਲ ਮੁਤਾਬਕ, ਕੁਝ ਪਿੰਡਾਂ ਵਿੱਚ ਬਾਠ ਗਰੁੱਪ ਵੱਲੋਂ ਵਿਰੋਧੀ ਧਿਰਾਂ ਦੇ ਚੋਣ ਕੈਂਪ ਨਹੀਂ ਲੱਗਣ ਦਿੱਤੇ ਗਏ, ਲੋਕਾਂ ਨੂੰ ਕਤਲ ਦੀਆਂ ਧਮਕੀਆਂ ਦੇ ਕੇ ਇੱਕ-ਪਾਸੜ ਵੋਟਿੰਗ ਕਰਵਾਈ ਗਈ।

ਉਹਨਾਂ ਕਿਹਾ ਕਿ ਜਿੱਥੇ ਬਾਠ ਗਰੁੱਪ ਦਾ ਦਬਦਬਾ ਸੀ, ਉੱਥੇ ਵਿਰੋਧੀਆਂ ਨੂੰ ਰੋਕਿਆ ਗਿਆ, ਅਤੇ ਇਸੇ ਤਰ੍ਹਾਂ ਚੀਮਾ ਗਰੁੱਪ ਵਾਲੇ ਪਿੰਡਾਂ ਵਿੱਚ ਹਰਮੀਤ ਸਿੰਘ ਸੰਧੂ ਨੂੰ ਇੱਕ-ਪਾਸੜ ਵੋਟਾਂ ਪਵਾਈਆਂ ਗਈਆਂ। ਬਿਆਨ ਮੁਤਾਬਕ, ਦੋਹਾਂ ਗਰੁੱਪਾਂ ਅਤੇ ਉਹਨਾਂ ਨੂੰ ਸਹਾਰਾ ਦੇ ਰਹੇ ਰਾਜਨੀਤਕ ਆਗੂਆਂ ਦੀ ਵਜ੍ਹਾ ਨਾਲ ਚੋਣ ਪ੍ਰਕ੍ਰਿਆ ਦੀ ਪਵਿੱਤਰਤਾ ਸਵਾਲਾਂ ਘੇਰ ਵਿੱਚ ਹੈ। ਯੂਨਾਈਟਿਡ ਅਕਾਲੀ ਦਲ ਨੇ ਕਿਹਾ ਕਿ "ਇੱਕ ਐਸਐਸਪੀ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ ਉਹਨਾਂ ਰਾਜਸੀ ਆਗੂਆਂ ਨੂੰ ਗ੍ਰਿਫਤਾਰ ਕੀਤਾ ਜਾਵੇ ਜੋ ਗੈਂਗਸਟਰ ਪੈਦਾ ਕਰਨ ਅਤੇ ਉਹਨਾਂ ਨੂੰ ਵਰਤਣ ਵਿੱਚ ਲੱਗੇ ਹਨ।" ਪਾਰਟੀ ਨੇ ਕੁਝ ਬੁੱਧੀਜੀਵੀਆਂ ਅਤੇ ਪੱਤਰਕਾਰਾਂ ਦੀ "ਵਿਕਾਊ ਕਲਮ" ਨੂੰ ਵੀ ਕਟਘਰੇ ਵਿੱਚ ਖੜ੍ਹਾ ਕੀਤਾ, ਜਿਹੜੇ, ਬਿਆਨ ਮੁਤਾਬਕ, ਝੂਠਾ ਨੈਰੇਟਿਵ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਬਿਆਨ ਵਿੱਚ ਇਹ ਵੀ ਦੱਸਿਆ ਗਿਆ ਕਿ ਸਰਦਾਰ ਮਨਦੀਪ ਸਿੰਘ ਨੂੰ ਬਿਨਾਂ ਕਿਸੇ ਵੱਡੇ ਸੰਗਠਨਕ ਤਾਲਮੇਲ ਦੇ ਵੀ 20 ਹਜ਼ਾਰ ਤੋਂ ਵੱਧ ਵੋਟਾਂ ਮਿਲੀਆਂ, ਜੋ ਪੰਜਾਬ ਦੇ ਚੰਗੇ ਭਵਿੱਖ ਅਤੇ ਜੀਵੰਤ ਜਮੀਰ ਦਾ ਸਪਸ਼ਟ ਸੁਬੂਤ ਹਨ। ਯੂਨਾਈਟਿਡ ਅਕਾਲੀ ਦਲ ਨੇ ਸਵਾਲ ਉਠਾਇਆ ਕਿ "ਜਦੋਂ ਮਨਦੀਪ ਸਿੰਘ ਸਮੇਤ ਕਿਸੇ ਵੀ ਪੰਥਕ ਉਮੀਦਵਾਰ ਨੇ ਇਹ ਚੋਣ ਖਾਲਿਸਤਾਨ ਦੇ ਮੁੱਦੇ 'ਤੇ ਨਹੀਂ ਲੜੀ, ਤਾਂ ਫਿਰ ਕਾਂਗਰਸ ਨੇ ਕਿਹੜੇ ਅਧਾਰ 'ਤੇ ਇਹ ਦਾਅਵਾ ਕੀਤਾ ਕਿ ਤਰਨਤਾਰਨ ਵਿੱਚ ਹਿੰਦੁਸਤਾਨ ਹਾਰ ਗਿਆ ਅਤੇ ਖਾਲਿਸਤਾਨ ਜਿੱਤ ਗਿਆ?"

ਦਲ ਨੇ ਅੰਤ ਵਿੱਚ ਕਿਹਾ ਕਿ ਇਹ ਚੋਣ ਖਾਲਿਸਤਾਨ ਦੇ ਮੁੱਦੇ ਦੀ ਨਹੀਂ, ਸਗੋਂ ਜ਼ਬਰ, ਗੁੰਡਾਗਰਦੀ ਅਤੇ ਇਨਸਾਫ ਦੀ ਲੜਾਈ ਸੀ, ਜਿਸ ਦੀ ਨਿਸ਼ਪੱਖ ਜਾਂਚ ਜ਼ਰੂਰੀ ਹੈ।

# ਭਾਰਤ ਸਰਕਾਰ ਵੱਲੋਂ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੇ ਤਿੰਨ ਯੂਟਿਊਬ ਚੈਨਲ ਬੰਦ

**ਅੰਮ੍ਰਿਤਸਰ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੇ ਤਿੰਨ ਯੂਟਿਊਬ ਖਾਤੇ ਭਾਰਤ ਸਰਕਾਰ ਦੇ ਦਬਾਅ ਅਧੀਨ ਯੂਟਿਊਬ ਵੱਲੋਂ ਪੱਕੇ ਤੌਰ 'ਤੇ ਬੰਦ ਕਰ ਦਿੱਤੇ ਗਏ ਹਨ।ਜਾਣਕਾਰੀ ਸਾਂਝੀ ਕਰਦਿਆਂ ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਕੇਵਲ ਇੱਕ ਮਹੀਨੇ ਦੇ ਅੰਦਰ ਉਹਨਾਂ ਦੇ ਨਾਮ ਵਾਲੇ ਤਿੰਨੋ ਚੈਨਲ ਇੱਕ-ਇੱਕ ਕਰਕੇ ਬੰਦ ਕਰ ਦਿੱਤੇ ਗਏ।ਇਸ ਤੋਂ ਪਹਿਲਾਂ ਦੋ ਖਾਤੇ ਪਹਿਲਾਂ ਭਾਰਤ ਵਿੱਚ ਹੀ ਬੈਨ ਕੀਤੇ ਗਏ ਸਨ, ਪਰ ਹੁਣ ਤਾਜ਼ਾ ਕਾਰਵਾਈ 'ਚ ਤੀਜਾ ਚੈਨਲ ਵੀ ਯੂਟਿਊਬ ਨੇ ਪੱਕੇ ਤੌਰ 'ਤੇ ਡਿਲੀਟ ਕਰ ਦਿੱਤਾ ਹੈ।ਉਹਨਾਂ ਦੱਸਿਆ ਕਿ ਇਹਨਾਂ ਚੈਨਲਾਂ 'ਤੇ ਖਾਲਸਾ ਪੰਥ, ਪੰਜਾਬ, ਧਾਰਮਿਕ ਸਮਾਗਮਾਂ, ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ, ਜੁਝਾਰੂ ਸਿੰਘਾਂ, ਪੰਥਕ ਸਰਗਰਮੀਆਂ, ਸ਼ਹੀਦੀ ਸਮਾਗਮਾਂ ਅਤੇ ਗੁਰਮਤ ਕੈਂਪਾਂ ਨਾਲ ਜੁੜੀਆਂ ਕਈ ਮਹੱਤਵਪੂਰਨ ਵੀਡੀਓਜ਼ ਮੌਜੂਦ ਸਨ। ਗਤਕੇ ਦੀਆਂ ਵੀਡੀਓਜ਼ ਸਮੇਤ ਇਹ ਸਾਰੀ ਸਮੱਗਰੀ ਯੂਟਿਊਬ ਵੱਲੋਂ ਹਟਾ ਦਿੱਤੀ ਗਈ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਭਾਰਤ ਸਰਕਾਰ ਕਈ ਵਾਰ ਉਹਨਾਂ ਦੇ ਫੇਸਬੁੱਕ, ਇੰਸਟਾਗਰਾਮ, ਯੂਟਿਊਬ ਅਤੇ ਟਵਿੱਟਰ (✓) ਖਾਤੇ ਬੰਦ ਕਰਵਾ ਚੁੱਕੀ ਹੈ। ਉਹਨਾਂ ਦੋਸ਼ ਲਾਇਆ ਕਿ ਭਾਰਤ ਆਪਣੇ ਆਪ ਨੂੰ ਲੋਕਤੰਤਰ ਤੇ ਧਰਮ ਨਿਰਪੱਖਤਾ ਦਾ ਝੰਡਾਬਰਦਾਰ ਕਹਿੰਦਾ ਹੈ, ਪਰ ਸਿੱਖਾਂ ਅਤੇ ਹੋਰ ਘੱਟ ਗਿਣਤੀਆਂ ਨਾਲ ਲਗਾਤਾਰ ਜ਼ੁਲਮ ਕੀਤਾ ਜਾ ਰਿਹਾ ਹੈ ਤੇ ਉਹਨਾਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਉਹਨਾਂ ਇਹ ਵੀ ਕਿਹਾ ਕਿ ਸ਼ਹੀਦ ਸਿੰਘਾਂ ਬਾਰੇ ਕਿਤਾਬਾਂ ਲਿਖਣ ਕਾਰਨ ਵੀ ਉਹਨਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਆਗੂ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮਨੁੱਖੀ ਹੱਕਾਂ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਆਪਣੀ ਸ਼ਹਾਦਤ ਦਿੱਤੀ ਸੀ, ਪਰ ਅੱਜ ਦੇ ਹਾਕਮ ਔਰੰਗਜ਼ੇਬ ਦੀਆਂ ਨੀਤੀਆਂ 'ਤੇ ਚੱਲਦਿਆਂ ਅਣਖੀ ਸਿੱਖਾਂ ਦੀ ਅਵਾਜ਼ ਨੂੰ ਕੁਚਲਣ ਦੀ ਕੋਸ਼ਿਸ਼ ਕਰ ਰਹੇ ਹਨ। ਉਹਨਾਂ ਕਿਹਾ ਕਿ ਖ਼ਾਲਸਾ ਕਦੇ ਵੀ ਇਸ ਜ਼ੁਲਮ ਨੂੰ ਬਰਦਾਸ਼ਤ ਨਹੀਂ ਕਰੇਗਾ ਅਤੇ ਕੌਮੀ ਆਜ਼ਾਦੀ ਲਈ ਸੰਘਰਸ਼ ਜਾਰੀ ਰਹੇਗਾ।



# ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਸਮਾਗਮ ਸਾਰਿਆਂ ਨੂੰ ਧੂਮ ਧਾਮ ਨਾਲ ਮਨਾਉਣਾ ਚਾਹੀਦਾ-ਬਾਬਾ ਜਗਤਾਰ ਸਿੰਘ ਜੀ

**ਚੌਕ ਮਹਿਤਾ, 20 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸਮਾਗਮ ਸਾਨੂੰ ਸਾਰਿਆਂ ਨੂੰ ਧੂਮ ਧਾਮ ਨਾਲ ਮਨਾਉਣਾ ਚਾਹੀਦਾ ਹੈ ਕਿਉਂਕਿ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਇਹ ਸ਼ਹਾਦਤ ਹਿੰਦ ਦੀ ਚਾਦਰ ਬਣ ਕੇ ਦਿੱਤੀ ਸੀ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸੰਤ ਮਹਾਪੁਰਸ਼ ਡੇਰਾ ਰਾਧਾ ਸੁਆਮੀ ਬਾਬਾ ਜਗਤਾਰ ਸਿੰਘ ਜੀ ਨਾਥ ਦੀ ਖੂੰਹੀ ਵਾਲਿਆਂ ਨੇ ਗੱਲਬਾਤ ਕਰਦਿਆਂ ਕੀਤਾ ਭਾਈ ਸਤੀ ਦਾਸ ਜੀ ਭਾਈ ਮਤੀ ਦਾਸ ਜੀ ਭਾਈ ਦਿਆਲਾ ਜੀ ਗੁਰੂ ਜੀ ਦਾ ਨਾਲ ਸ਼ਹੀਦ ਹੋਏ ਸਨ ਇਨਾਂ ਸ਼ਹੀਦਾਂ ਦੀ ਸ਼ਤਾਬਦੀ ਨੂੰ ਧੂਮਧਾਮ ਨਾਲ ਸਾਨੂੰ ਸਾਰਿਆਂ ਨੂੰ ਮਨਾਉਣਾ ਚਾਹੀਦਾ ਹੈ।



# ਭਾਜਪਾ ਵੱਲੋਂ ਸਰਕਲ ਮਹਿਤਾ ਦੇ ਅਹੁਦੇਦਾਰਾਂ ਦਾ ਐਲਾਨ ਬੂਥ ਕਮੇਟੀਆਂ ਦਾ ਵੀ ਜਲਦ ਹੋਵੇਗਾ ਐਲਾਨ : ਕੇਵਲ ਸਿੰਘ

**ਜੰਡਿਆਲਾ ਗੁਰੂ, 20 ਨਵੰਬਰ( ਕੁਲਵੰਤ ਸਿੰਘ ਵਿਰਦੀ )**-ਭਾਰਤੀ ਜਨਤਾ ਪਾਰਟੀ ਸਰਕਲ ਮਹਿਤਾ ਦੇ ਸਰਕਲ ਪ੍ਰਧਾਨ ਕੇਵਲ ਸਿੰਘ ਖੱਬੇ ਰਾਜਪੂਤਾਂ ਨੇ ਭਾਰਤੀ ਜਨਤਾ ਪਾਰਟੀ ਜਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਹਰਦੀਪ ਸਿੰਘ ਗਿੱਲ ਰਹਿਨੁਮਾਈ ਚ ਹੋਈ ਮੀਟਿੰਗ ਦੌਰਾਨ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਪਾਰਟੀ ਹਾਈ ਕਮਾਂਡ ਦੀ ਮਨਜ਼ੂਰੀ ਲੈ ਕੇ ਸਰਕਲ ਦੇ ਅਹੁਦੇਦਾਰਾਂ ਦਾ ਐਲਾਨ ਕਰ ਦਿੱਤਾ ਹੈ।ਕੇਵਲ ਸਿੰਘ ਵੱਲੋਂ ਜਾਰੀ ਸੂਚੀ ਅਨੁਸਾਰ ਚਾਰ ਮੀਤ ਪ੍ਰਧਾਨ, ਦੋ ਜਰਨਲ ਸਕੱਤਰ, ਚਾਰ ਸਕੱਤਰ ਵੱਖ- ਵੱਖ ਮੋਰਚਿਆਂ ਦੇ ਪ੍ਰਧਾਨਾਂ ਤੋਂ ਇਲਾਵਾ ਸਰਕਲ ਦੀ ਕਾਰਜਕਾਰਨੀ ਕਮੇਟੀ ਦਾ ਵੀ ਐਲਾਨ ਕੀਤਾ ਗਿਆ ਹੈ। ਐਲਾਨ ਕੀਤੇ ਅਹੁਦੇਦਾਰਾਂ ਵਿੱਚ ਸੰਜੀਵ ਕੁਮਾਰ, ਪੂਰਨ ਸਿੰਘ, ਲਾਭ ਸਿੰਘ, ਖਜਾਨ ਸਿੰਘ( ਸਾਰੇ ਮੀਤ ਪ੍ਰਧਾਨ), ਪਰਮਜੀਤ ਸਿੰਘ, ਲਵਪ੍ਰੀਤ ਸਿੰਘ, ( ਜਨਰਲ ਸਕੱਤਰ ), ਸ਼ਾਮ ਲਾਲ ,ਹਰਪਾਲ ਸਿੰਘ, ਗੁਰਪ੍ਰੀਤ ਸਿੰਘ, ਕੁਲਵਿੰਦਰ ਸਿੰਘ (ਸਾਰੇ ਸਕੱਤਰ) , ਮੋਰਚਿਆਂ ਦੇ ਪ੍ਰਧਾਨਾਂ ਵਿੱਚ ਹਰਮਨਦੀਪ ਕੌਰ ਮਹਿਲਾ ਮੋਰਚਾ, ਗੁਰ ਸਾਹਿਬ ਸਿੰਘ ਕਿਸਾਨ ਮੋਰਚਾ, ਹਰਜੋਤ ਸਿੰਘ ਐਸ . ਸੀ . ਮੋਰਚਾ ਪ੍ਰਧਾਨ, ਅਰਸ਼ਦੀਪ ਸਿੰਘ ਆਈ .ਟੀ ਕਨਵੀਨਰ, ਪ੍ਰਦੀਪ ਸਿੰਘ ਸੋਸ਼ਲ ਮੀਡੀਆ ਕਨਵੀਨਰ, ਵਿਪਨ ਰਾਜਦੀਪ ਸਿੰਘ ਮੀਡੀਆ ਕਨਵੀਨਰ, ਲਵਪ੍ਰੀਤ ਸਿੰਘ ਕਮਲ ਸੁਨੇਹਾ ਕਨਵੀਨਰ, ਕਿਰਨਜੀਤ ਸਿੰਘ ਪ੍ਰਚਾਰ ਕਨਵੀਨਰ, ਹਰਭਜਨ ਸਿੰਘ, ਦਿਲਬਾਗ ਸਿੰਘ, ਗੁਰਧਿਆਨ ਸਿੰਘ, ਸੁਖਵਿੰਦਰ ਸਿੰਘ ਸਾਰੇ ਕਾਰਜਕਰਨੀ ਮੈਂਬਰ ਨਿਯੁਕਤ ਕੀਤੇ ਗਏ ਹਨ। ਕੇਵਲ ਸਿੰਘ ਨੇ ਦੱਸਿਆ ਕਿ ਕੁਝ ਰਹਿੰਦੇ ਅਹੁਦੇਦਾਰਾਂ ਦਾ ਐਲਾਨ ਵੀ ਜਲਦ ਹੀ ਕਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸੂਚੀ ਵਿੱਚ ਹਰ ਵਰਗ ਨੂੰ ਪ੍ਰਤੀਨਿਧਤਾ ਦਿੱਤੀ ਗਈ ਹੈ। ਸਰਕਲ ਕਮੇਟੀ ਤੋਂ ਬਾਅਦ ਮੋਰਚਿਆਂ ਦੇ ਅਹੁਦੇਦਾਰ ਅਤੇ ਬੂਥ ਵਾਈਜ਼ ਕਮੇਟੀਆਂ ਵੀ ਜਲਦ ਹੀ ਗਠਨ ਕੀਤੀਆਂ ਜਾਣਗੀਆਂ ਤਾਂ ਜੋ ਪਾਰਟੀ ਦੀਆਂ ਨੀਤੀਆਂ ਨੂੰ ਹੇਠਾਂ ਤੱਕ ਪ੍ਰਚਾਰ ਤੇ ਪ੍ਰਸਾਰ ਕੀਤਾ ਜਾ ਸਕੇ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਹਰਦੀਪ ਸਿੰਘ ਗਿੱਲ ਬਿਕਰਮਜੀਤ ਸਿੰਘ ਫੌਜੀ, ਜਗਰੂਪ ਸਿੰਘ ਵਡਾਲੀ, ਬਲਵੰਤ ਸਿੰਘ, ਸਰਬਜੀਤ ਸਿੰਘ, ਮਹਿੰਦਰ ਸਿੰਘ ਲੱਡੂ, ਐਲ .ਡੀ . ਮਲਕਪੁਰ ਵੀ ਹਾਜ਼ਰ ਸਨ।



### ਮੁੱਖ ਮੰਤਰੀ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਚਰਨ ਛੋਹ ਪ੍ਰਾਪਤ

# 142 ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਲਈ 71 ਕਰੋੜ ਰੁਪਏ ਦੇ ਚੈੱਕ ਵੰਡੇ

**☛ 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਮਾਗਮਾਂ ਵਿੱਚ ਪਰਿਵਾਰ ਸਮੇਤ ਸ਼ਾਮਲ ਹੋਣ ਦੀ ਅਪੀਲ ☛ ਪਿਛਲੇ ਸਮੇਂ ਵਿੱਚ ਗੁਰੂ ਸਾਹਿਬਾਨ ਦੀਆਂ ਸ਼ਤਾਬਦੀਆਂ ਸਾਰੀਆਂ ਸਰਕਾਰਾਂ ਮਨਾਉਂਦੀਆਂ ਰਹੀਆਂ ਹਨ ਤਾਂ ਹੁਣ ਸਾਡੀ ਸ਼ਰਧਾ ਭਾਵਨਾ ਵਿੱਚ ਨਿਗੋਚਾਂ ਕੱਢਣ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ**




**ਧੂਰੀ , ਸੰਗਰੂਰ ( ਰਣਜੀਤ ਸਿੰਘ ਪੇਧਨੀ )** -ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੁਰੂ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਸੂਬੇ ਦੇ 142 ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ ਲਈ 71 ਕਰੋੜ ਰੁਪਏ ਦੇ ਚੈੱਕ ਵੰਡੇ।

ਅੱਜ ਇੱਥੇ ਚੈੱਕ ਸੌਂਪਣ ਮੌਕੇ ਇਸ ਨੂੰ ਪੰਜਾਬ ਸਰਕਾਰ ਦਾ ਨਿਮਾਣਾ ਉਪਰਾਲਾ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਗੁਰੂ ਸਾਹਿਬ ਜੀ ਦੀ ਸ਼ਹਾਦਤ, ਮਹਾਨ ਜੀਵਨ ਅਤੇ ਫ਼ਲਸਫੇ ਦੇ ਅੱਗੇ ਇਹ ਯਤਨ ਬਹੁਤ ਮਾਮੂਲੀ ਹਨ ਪਰ ਪੰਜਾਬ ਸਰਕਾਰ ਗੁਰੂ ਸਾਹਿਬ ਜੀ ਪ੍ਰਤੀ ਸ਼ਰਧਾ ਤੇ ਸਤਿਕਾਰ ਵਜੋਂ ਆਪਣਾ ਫਰਜ਼ ਨਿਭਾਅ ਰਹੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਗਰਾਂਟਾਂ ਦੀ ਵਰਤੋਂ ਬੁਨਿਆਦੀ ਢਾਂਚੇ ਦੀ ਮਜ਼ਬੂਤੀ, ਸੰਗਤ ਲਈ ਸਹੂਲਤਾਂ, ਪਵਿੱਤਰ ਅਸਥਾਨਾਂ ਦੇ ਆਉਣ-ਜਾਣ ਵਾਲੇ ਰਸਤਿਆਂ ਦੀ ਦਿੱਖ ਸੰਵਾਰਨਾ ਅਤੇ ਹੋਰ ਲੋੜੀਂਦੇ ਵਿਕਾਸ ਕਾਰਜ ਕਰਵਾਏ ਜਾਣਗੇ ਤਾਂ ਕਿ ਇਨ੍ਹਾਂ ਪਿੰਡਾਂ ਤੇ ਸ਼ਹਿਰਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਯਤਨ ਗੁਰੂ ਸਾਹਿਬ ਜੀ ਦੀਆਂ ਪਵਿੱਤਰ ਥਾਵਾਂ ਦੀ ਸੰਭਾਲ, ਉਨ੍ਹਾਂ ਦੇ ਪ੍ਰਚਾਰ-ਪ੍ਰਸਾਰ ਅਤੇ ਸੰਗਤ ਲਈ ਬਿਹਤਰ ਸਹੂਲਤਾਂ ਵੱਲ ਮਹੱਤਵਪੂਰਨ ਅਤੇ ਇਤਿਹਾਸਕ ਕਦਮ ਹੈ। ਅੱਜ ਦੇ ਸਮਾਗਮ ਵਿੱਚ ਮਾਲਵਾ, ਦੋਆਬਾ ਅਤੇ ਮਾਝਾ ਤੋਂ ਪਿੰਡਾਂ ਤੇ ਸ਼ਹਿਰ ਦੇ ਸਰਪੰਚਾਂ, ਕੌਂਸਲਰਾਂ ਤੇ ਹੋਰ ਚੁਣੇ ਹੋਏ ਨੁਮਾਇੰਦਿਆਂ ਨੂੰ ਚੈੱਕ ਸੌਂਪੇ ਗਏ। ਇਸ ਦੌਰਾਨ ਉਨ੍ਹਾਂ ਕਿਹਾ ਕਿ ਨੌਵੇਂ ਸਿੱਖ ਗੁਰੂ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣਾ ਸਾਡੇ ਸਾਰਿਆਂ ਲਈ ਇਤਿਹਾਸਕ ਪਲ ਹਨ ਜਿਨ੍ਹਾਂ ਨੇ ਮਨੁੱਖਤਾ ਦੀ ਰਾਖੀ ਲਈ ਅਦੁੱਤੀ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਭਾਗਾਂ ਵਾਲੇ ਹਾਂ ਕਿ ਸਾਨੂੰ ਆਪਣੇ ਜੀਵਨ ਵਿੱਚ ਇਨ੍ਹਾਂ ਮਹਾਨ ਸਮਾਗਮਾਂ ਦਾ ਹਿੱਸਾ ਬਣਨ ਦਾ ਸੁਭਾਗ ਹਾਸਲ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲ ਪੁਰਖ ਨੇ ਇਸ ਮਹਾਨ ਕਾਰਜ ਵਿੱਚ ਸੇਵਾ ਨਿਭਾਉਣ ਲਈ ਸੂਬਾ ਸਰਕਾਰ 'ਤੇ ਆਪਾਰ ਕ੍ਰਿਪਾ ਕੀਤੀ ਹੈ ਅਤੇ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਨੇ ਲੋਕਾਂ ਨੂੰ ਸ੍ਰੀ ਗੁਰੂ ਤੇਗ. ਬਹਾਦਰ ਜੀ ਵੱਲੋਂ ਸਮੁੱਚੀ ਮਨੁੱਖਤਾ ਨੂੰ ਦਿਖਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਪਵਿੱਤਰ ਮੌਕੇ ਨੂੰ ਸ਼ਰਧਾ ਭਾਵਨਾ ਨਾਲ ਮਨਾਉਣ ਲਈ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਗੁਰੂ ਸਾਹਿਬ ਜੀ ਦਾ ਸ਼ਾਂਤੀ, ਮਨੁੱਖਤਾ, ਪਿਆਰ ਅਤੇ ਭਾਈਚਾਰ ਸਾਂਝ ਦਾ ਵਿਸ਼ਵਵਿਆਪੀ ਸੰਦੇਸ਼ ਸਮਕਾਲੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਦ੍ਰਿਸ਼ਟੀਕੋਣ ਵਿੱਚ ਅਜੋਕੇ ਦੌਰ ਵਿੱਚ ਵੀ ਪ੍ਰਸੰਗਿਕ ਹੈ।

ਨੌਵੇਂ ਪਾਤਸ਼ਾਹ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਮਾਗਮਾਂ ਵਿੱਚ ਪਹੁੰਚਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਮਾਗਮਾਂ ਵਿੱਚ ਸੰਗਤ ਦੀ ਸਹੂਲਤ ਲਈ ਸੂਬਾ ਸਰਕਾਰ ਨੇ ਸਾਰੇ ਪ੍ਰਬੰਧ ਕਰ ਲਏ ਹਨ। ਮੁੱਖ ਮੰਤਰੀ ਨੇ ਦੱਸਿਆ ਕਿ ਸ੍ਰੀਨਗਰ ਤੋਂ ਅਤੇ ਪੰਜਾਬ ਦੇ ਤਿੰਨ ਸ਼ਹਿਰਾਂ ਫਰੀਦਕੋਟ, ਗੁਰਦਾਸਪੁਰ ਅਤੇ ਤਲਵੰਡੀ ਸਾਬੋ ਤੋਂ ਨਗਰ ਕੀਰਤਨ ਰਵਾਨਾ ਹੋ ਚੁੱਕੇ ਹਨ ਜੋ ਲਗਪਗ ਸੂਬੇ ਦੇ ਸਾਰੇ ਸ਼ਹਿਰਾ ਵਿੱਚੋਂ ਗੁਜ਼ਰਨਗੇ। ਉਨ੍ਹਾਂ ਨੇ ਲੋਕਾਂ ਨੂੰ ਨਗਰ ਕੀਰਤਨਾਂ ਵਿੱਚ ਸ਼ਾਮਲ ਹੋ ਕੇ ਦਰਸ਼ਨ ਕਰਨ ਦੀ ਅਪੀਲ ਕੀਤੀ। ਗੁਰੂ ਸਾਹਿਬ ਜੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਇਨ੍ਹਾਂ ਨਗਰ ਕੀਰਤਨਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਰਧਾ ਭਾਵਨਾ ਨਾਲ ਹਿੱਸਾ ਲੈ ਰਹੀਆਂ ਹਨ। ਨਗਰ ਕੀਰਤਨਾਂ ਨਾਲ ਰਵਾਨਾ ਹੋਣ ਵਾਲੀ ਸੰਗਤ ਦੀ ਸਹੂਲਤ ਲਈ ਕਾਫ਼ਲੇ ਵਿੱਚ ਐਂਬੂਲੈਂਸ, ਡਿਜੀਟਲ ਮਿਊਜ਼ੀਅਮ, ਲੰਗਰ ਦੀ ਵਿਵਸਥਾ ਤੇ ਹੋਰ ਲੋੜੀਂਦਾ ਸਾਜ਼ੋ-ਸਾਮਾਨ ਮੌਜੂਦ ਰਹੇਗਾ।

ਮੁੱਖ ਮੰਤਰੀ ਨੇ ਦੱਸਿਆ ਕਿ 19 ਨਵੰਬਰ ਨੂੰ ਸ੍ਰੀਨਗਰ ਤੋਂ ਰਵਾਨਾ ਹੋਇਆ ਨਗਰ ਕੀਰਤਨ ਵੱਖ-ਵੱਖ ਸ਼ਹਿਰਾਂ ਜੰਮੂ, ਪਠਾਨਕੋਟ, ਦਸੂਹਾ, ਹੁਸ਼ਿਆਰਪੁਰ, ਮਾਹਿਲਪੁਰ ਤੇ ਗੜ੍ਹਸ਼ੰਕਰ ਤੇ ਹੋਰ ਨਗਰਾਂ ਵਿੱਚੋਂ ਗੁਜ਼ਰਦਾ ਹੋਇਆ 22 ਨਵੰਬਰ ਨੂੰ ਨੌਵੇਂ ਪਾਤਸ਼ਾਹ ਜੀ ਵੱਲੋਂ ਵਰੋਸਾਏ ਪਵਿੱਤਰ ਨਗਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ 20 ਨਵੰਬਰ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ), ਫਰੀਦਕੋਟ ਅਤੇ ਗੁਰਦਾਸਪੁਰ ਤੋਂ ਤਿੰਨ ਨਗਰ ਕੀਰਤਨ ਸਜਾਏ ਗਏ ਹਨ ਅਤੇ ਇਹ ਚਾਰੇ ਨਗਰ ਕੀਰਤਨ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਣਗੇ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੀ ਸ਼ੁਰੂਆਤ 25 ਅਕਤੂਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ, ਦਿੱਲੀ ਤੋਂ ਹੋਈ ਸੀ ਅਤੇ ਇਸੇ ਦਿਨ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਵਿਖੇ ਵਿਸ਼ਾਲ ਕੀਰਤਨ ਦਰਬਾਰ ਕਰਵਾਇਆ ਗਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ 1 ਨਵੰਬਰ ਤੋਂ 18 ਨਵੰਬਰ ਤੱਕ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਗਏ, ਜਿਸ ਵਿੱਚ ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ ਮਹਾਨ ਜੀਵਨ ਅਤੇ ਫਲਸਫੇ ਨੂੰ ਦਰਸਾਇਆ ਗਿਆ।

ਉਨ੍ਹਾਂ ਕਿਹਾ ਕਿ 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਪੱਧਰ 'ਤੇ ਸਮਾਗਮ ਹੋਣਗੇ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਆਉਣ ਵਾਲੇ ਹਜ਼ਾਰਾਂ ਸ਼ਰਧਾਲੂਆਂ ਦੇ ਰਹਿਣ ਲਈ ਪਵਿੱਤਰ ਸ਼ਹਿਰ ਵਿਖੇ "ਚੱਕ ਨਾਨਕੀ" ਨਾਮਕ "ਟੈਂਟ ਸਿਟੀ" ਸਥਾਪਤ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਸੰਦੇਸ਼ ਨੂੰ ਉਜਾਗਰ ਕਰਨ ਵਾਲੀਆਂ ਪ੍ਰਦਰਸ਼ਨੀਆਂ ਅਤੇ ਡਰੋਨ ਸ਼ੋਅ ਦੇ ਨਾਲ ਅੰਤਰ-ਧਰਮ ਸੰਮੇਲਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 24 ਨਵੰਬਰ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਵੇਗਾ, ਜਿੱਥੇ ਪ੍ਰਮੁੱਖ ਸ਼ਖਸੀਅਤਾਂ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਧਾਰਮਿਕ ਆਜ਼ਾਦੀ ਤੇ ਮਨੁੱਖੀ ਅਧਿਕਾਰਾਂ ਦੀ ਖਾਤਰ ਉਨ੍ਹਾਂ ਦੀ ਮਹਾਨ ਕੁਰਬਾਨੀ 'ਤੇ ਵਿਚਾਰ ਸਾਂਝੇ ਕਰਨਗੀਆਂ। ਇਸ ਸੈਸ਼ਨ ਵਿੱਚ ਇਤਿਹਾਸਕ ਫੈਸਲੇ ਵੀ ਲਏ ਜਾਣਗੇ। ਉਨ੍ਹਾਂ ਕਿਹਾ ਕਿ 25 ਨਵੰਬਰ ਨੂੰ ਰਾਜ ਪੱਧਰੀ ਖ਼ੂਨਦਾਨ ਕੈਂਪ ਲਾਏ ਜਾਣਗੇ, ਜੰਗਲਾਤ ਵਿਭਾਗ ਵੱਲੋਂ ਵੱਡੇ ਪੱਧਰ 'ਤੇ ਪੌਦੇ ਲਾਉਣ ਦੀ ਮੁਹਿੰਮ ਤੋਂ ਇਲਾਵਾ ਵਿਸ਼ਾਲ "ਸਰਬੱਤ ਦਾ ਭਲਾ ਇੱਕਤਰਤਾ" ਵਿੱਚ ਕਈ ਉੱਘੀਆਂ ਸ਼ਖਸੀਅਤਾਂ ਹਿੱਸਾ ਲੈਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਮਾਨ ਨੇ ਅੱਗੇ ਦੱਸਿਆ ਕਿ 350ਵੇਂ ਸ਼ਹੀਦੀ ਦਿਹਾੜੇ ਦੇ ਪਵਿੱਤਰ ਮੌਕੇ ਬਾਰੇ ਦੁਨੀਆ ਭਰ ਦੇ ਅਧਿਆਤਮਿਕ ਆਗੂਆਂ ਅਤੇ ਸੰਤਾਂ ਨਾਲ ਸਲਾਹ-ਮਸ਼ਵਰਾ ਕੀਤਾ ਗਿਆ ਹੈ ਅਤੇ ਉਨ੍ਹਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਹਿੱਸਾ ਲੈਣ ਲਈ ਸੱਦਾ ਵੀ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਕਾਰਜਕਾਲ ਦੌਰਾਨ ਇਹ ਇਤਿਹਾਸਕ ਸਮਾਗਮ ਕਰਵਾ ਕੇ ਵਡਭਾਗਾ ਮਹਿਸੂਸ ਕਰ ਰਹੀ ਹੈ। ਉਨ੍ਹਾਂ ਨੇ ਦੇਸ਼-ਵਿਦੇਸ਼ ਵਿੱਚ ਲੋਕਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ।

ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਬੇਲੋੜੇ ਨੁਕਸ ਕੱਢਣ ਵਾਲਿਆਂ ਦੀ ਸਖ਼ਤ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮੌਕੇ ਸਾਰੀਆਂ ਸਿਆਸੀ ਪਾਰਟੀਆਂ ਸ਼ਹੀਦੀ ਦਿਹਾੜੇ ਨੂੰ ਮਨਾ ਰਹੀਆਂ ਹਨ ਪਰ ਕੁਝ ਪਾਰਟੀਆਂ ਸਾਡੇ ਵੱਲੋਂ ਨਿਭਾਏ ਜਾ ਰਹੇ ਫਰਜ਼ ਵਿੱਚ ਨਿਗੋਚਾਂ ਕੱਢਣ ਦੀ ਬਦਨੀਤ ਨਾਲ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਭ ਤੋਂ ਦੁੱਖ ਦੀ ਗੱਲ ਹੈ ਕਿ ਅਕਾਲੀਆਂ ਨੇ ਹਮੇਸ਼ਾ ਧਰਮ ਨੂੰ ਢਾਲ ਵਜੋਂ ਵਰਤਿਆ ਹੈ ਅਤੇ ਹੁਣ ਜਦੋਂ ਲੋਕਾਂ ਦੀਆਂ ਨਜ਼ਰਾਂ ਵਿੱਚ ਡਿੱਗ ਚੁੱਕੇ ਹਨ ਤਾਂ ਸਾਨੂੰ ਮਰਿਆਦਾ ਦਾ ਪਾਠ ਪੜ੍ਹਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਸਮੇਂ ਗੁਰੂ ਸਾਹਿਬਾਨ ਦੀਆਂ ਵੱਡੀਆਂ ਸ਼ਤਾਬਦੀਆਂ ਸਾਰੀਆਂ ਸਰਕਾਰਾਂ ਵੱਲੋਂ ਮਨਾਈਆਂ ਜਾਂਦੀਆਂ ਰਹੀਆਂ ਹਨ ਪਰ ਜਦੋਂ ਸਾਡੀ ਸਰਕਾਰ ਸ਼ਰਧਾ ਭਾਵਨਾ ਨਾਲ ਫਰਜ਼ ਨਿਭਾਉਂਦੇ ਹੋਏ ਇਹ ਸਮਾਗਮ ਕਰਵਾ ਰਹੀ ਹੈ ਤਾਂ ਵਿਰੋਧੀ ਧਿਰਾਂ ਸਾਜ਼ਿਸ਼ਾਂ ਘੜ ਰਹੀਆਂ ਹਨ।

ਭਗਵੰਤ ਸਿੰਘ ਮਾਨ ਨੇ ਕਿਹਾ, "ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਦੇ ਪਵਿੱਤਰ ਮੌਕੇ ਵੀ ਅਕਾਲੀ ਸਿਆਸਤ ਖੇਡਣ ਤੋਂ ਬਾਜ਼ ਨਹੀਂ ਆਉਂਦੇ। ਉਹ ਆਉਂਦੇ ਦਿਨਾਂ ਵਿੱਚ ਹੋਰ ਨਿਗੋਚਾਂ ਕੱਢਣਗੇ ਪਰ ਸਾਡੀ ਨੀਅਤ ਤੇ ਸ਼ਰਧਾ ਵਿੱਚ ਕੋਈ ਕਮੀ ਨਹੀਂ ਹੈ ਜਿਸ ਕਰਕੇ ਅਸੀਂ ਇਨ੍ਹਾਂ ਦੀ ਪ੍ਰਵਾਹ ਨਹੀਂ ਕਰਦੇ।÷

ਗੋਲਕਾਂ ਦੇ ਪੈਸੇ ਦੀ ਦੁਰਵਰਤੋਂ ਕਰਨ ਦੇ ਦਾਅਵੇ ਨੂੰ ਸਹੀ ਠਹਿਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ ਆਪਣੀਆਂ ਨਾਕਾਮੀਆਂ ਛੁਪਾਉਣ ਲਈ ਸ਼੍ਰੋਮਣੀ ਕਮੇਟੀ ਦੇ ਪੈਸੇ ਵਿੱਚੋਂ ਇਸ਼ਤਿਹਾਰ ਦਿੱਤੇ ਸਨ ਅਤੇ ਸੁਖਬੀਰ ਸਿੰਘ ਬਾਦਲ ਨੇ ਖੁਦ ਅਕਾਲ ਤਖ਼ਤ ਦੇ ਸਾਹਮਣੇ ਇਸ ਗੱਲ ਨੂੰ ਕਬੂਲ ਕੀਤਾ ਹੈ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਧੂਰੀ ਹਲਕੇ ਦੇ 17 ਪਿੰਡਾਂ ਵਿੱਚ 7.57 ਕਰੋੜ ਰੁਪਏ ਦੀ ਲਾਗਤ ਵਾਲੇ 38 ਵਿਕਾਸ ਕਾਰਜ ਲੋਕਾਂ ਨੂੰ ਸਮਰਪਿਤ ਕੀਤੇ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਡਾ. ਬਲਬੀਰ ਸਿੰਘ, ਹਰਦੀਪ ਸਿੰਘ ਮੁੰਡੀਆਂ, ਬਰਿੰਦਰ ਕੁਮਾਰ ਗੋਇਲ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਡਾਕਟਰ ਅਨਬਰ ਭਸੌੜ, ਜਸਵੀਰ ਸਿੰਘ ਜੱਸੀ ਸੇਖੋਂ, ਸਤਿੰਦਰ ਸਿੰਘ ਚੱਠਾ, ਗਗਨ ਜਵੰਦਾ, ਰਮਨ ਜਵੰਦਾ, ਰਛਪਾਲ ਸਿੰਘ ਭੁੱਲਰ, ਜਸਵਿੰਦਰ ਖੁਰਮੀ, ਭਿੰਦਾ ਵਿਰਕ, ਮਾਣਾ ਗਰੇਵਾਲ , ਹਰਪ੍ਰੀਤ ਸਿੰਘ ਗਿੱਲ, ਬਿੱਟੂ ਖੁਰਮੀ, ਸੁਰਜੀਤ ਸਿੰਘ, ਪੰਚ ਮੱਖਣ ਸਿੰਘ, ਪੰਚ ਗਗਨਦੀਪ ਸਿੰਘ, ਪੰਚ ਕੁਲਦੀਪ ਕਲੇਰ ਹਾਜ਼ਰ ਸਨ।

## ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਵਿੱਚ ਡਾ: ਸ਼ਵੇਤਾ ਅਗਰਵਾਲ ਤੇ ਡਾ: ਸਰਬਜੀਤ ਕੌਰ ਦਾ ਭਵਿਆ ਸਵਾਗਤ




ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਅਤੇ ਉਜਾਲਾ ਸਿਗਨਸ ਦੇ ਆਪਸੀ ਸਹਿਯੋਗ ਨਾਲ ਅੱਜ ਫ਼ਿਰੋਜ਼ਪੁਰ ਵਿੱਚ ਪ੍ਰਸਿੱਧ ਇਸਤਰੀ ਰੋਗ ਅਤੇ ਪ੍ਰਸੂਤੀ ਵਿਸ਼ੇਸ਼ਗਿਆਨ ਡਾ: ਸ਼ਵੇਤਾ ਅਗਰਵਾਲ ਅਤੇ ਡਾ: ਸਰਬਜੀਤ ਕੌਰ ਦਾ ਗਰਮਾ—ਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫ਼ੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਕਿਹਾ ਕਿ ਇਨ੍ਹਾਂ ਦੋ ਅਨੁਭਵੀ ਵਿਸ਼ੇਸ਼ਗਿਆਨਾਂ ਦੇ ਜੁੜਨ ਨਾਲ ਮਹਿਲਾਵਾਂ ਦੀਆਂ ਸਿਹਤ ਸੇਵਾਵਾਂ ਹੋਰ ਮਜ਼ਬੂਤ ਹੋਣਗੀਆਂ। ਉਨ੍ਹਾਂ ਨੇ ਦੋਵੇਂ ਡਾਕਟਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਹਸਪਤਾਲ ਸਮਰਪਿਤ ਅਤੇ ਯੋਗ ਟੀਮ ਦੇ ਨਾਲ ਸਮਾਜ ਨੂੰ ਉੱਤਮ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਦੇ ਸਾਥ ਨਾਲ ਇਹ ਘੋਸ਼ਣਾ ਕੀਤੀ ਕਿ ਡਾ: ਸ਼ਵੇਤਾ ਅਗਰਵਾਲ ਅਤੇ ਡਾ: ਸਰਬਜੀਤ ਕੌਰ ਹੁਣ ਪ੍ਰਸੂਤੀ ਅਤੇ ਸਤ੍ਰੀ ਰੋਗ ਵਿਭਾਗ ਵਿੱਚ ਕਨਸਲਟੈਂਟ ਵਜੋਂ ਸੇਵਾਵਾਂ ਦੇਣਗੀਆਂ, ਦੋਵੇਂ ਡਾਕਟਰ ਆਪਣੇ ਨਾਲ ਵਰ੍ਹਿਆਂ ਦਾ ਅਨੁਭਵ ਅਤੇ ਗਹਿਰੀ ਵਿਦਵਤਾ ਲੈ ਕੇ ਆਈਆਂ ਹਨ, ਜੋ ਕਿ ਸਭ ਤੋਂ ਜਟਿਲ ਮਾਮਲਿਆਂ ਨੂੰ ਵੀ ਸੁਲਝਾਉਣ ਵਿੱਚ ਸਮਰੱਥ ਹਨ। ਡਾ: ਅਭਿਸ਼ੇਕ ਅਰੋੜਾ ਨੇ ਕਿਹਾ ਕਿ ਇਨ੍ਹਾਂ ਅਨੁਭਵੀ ਡਾਕਟਰਾਂ ਦੇ ਆਉਣ ਨਾਲ ਫ਼ਿਰੋਜ਼ਪੁਰ ਅਤੇ ਨੇੜਲੇ ਇਲਾਕਿਆਂ ਦੀਆਂ ਮਹਿਲਾਵਾਂ ਨੂੰ ਉੱਚ—ਸਤਰੀਏ ਇਲਾਜ ਅਤੇ ਬਿਹਤਰ ਸਿਹਤ ਸੇਵਾਵਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਦੋਵੇਂ ਡਾਕਟਰ ਆਪਣੇ ਪੇਸ਼ੇ ਪ੍ਰਤੀ ਸਮਰਪਿਤ ਹਨ ਅਤੇ ਮਰੀਜ਼ਾਂ ਦੀ ਪੂਰੀ ਨਿਸ਼ਠਾ ਨਾਲ ਸੰਭਾਲ ਕਰਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਵੀ ਦੋਵੇਂ ਡਾਕਟਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਹਸਪਤਾਲ ਪਰਿਵਾਰ ਵਿੱਚ ਇਨ੍ਹਾਂ ਦਾ ਸ਼ਾਮਲ ਹੋਣਾ ਇੱਕ ਗੌਰਵ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਅਮਨਦੀਪ ਗਰੁੱਪ ਇਸ ਵੇਲੇ 750 ਬਿਸਤਰਿਆਂ ਅਤੇ 170 ਡਾਕਟਰਾਂ ਦੀ ਮਜ਼ਬੂਤ ਟੀਮ ਨਾਲ ਕੰਮ ਕਰ ਰਿਹਾ ਹੈ। ਗਰੁੱਪ ਅੰਮ੍ਰਿਤਸਰ (ਦੋ ਕੇਂਦਰ), ਪਠਾਨਕੋਟ, ਸ਼੍ਰੀਨਗਰ ਅਤੇ ਤਰਨ ਤਾਰਨ ਵਿੱਚ ਉੱਤਮ ਸੇਵਾਵਾਂ ਮੁਹੱਈਆ ਕਰਵਾ ਰਿਹਾ ਹੈ। ਗਰੁੱਪ ਹੁਣ ਤੱਕ 5 ਲੱਖ ਤੋਂ ਵੱਧ ਮਰੀਜ਼ਾਂ ਦਾ ਸਫਲ ਇਲਾਜ ਕਰ ਚੁੱਕਾ ਹੈ ਅਤੇ ਸਮਾਜ ਦੀ ਸੇਵਾ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਿਹਾ ਹੈ। ਅਮਨਦੀਪ ਹਸਪਤਾਲ ਦਾ ਮੁੱਖ ਉਦੇਸ਼ ਬਿਹਤਰ ਇਲਾਜ ਅਤੇ ਸਿਹਤਮੰਦ ਸਮਾਜ ਦੀ ਰਚਨਾ ਵੱਲ ਲਗਾਤਾਰ ਯਤਨ ਕਰਨਾ ਹੈ।

## ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ) :— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਸਰਕਲ ਕਮੇਟੀ ਦੀ ਮੀਟਿੰਗ ਅਸ਼ਵਨੀ ਕੁਮਾਰ ਪ੍ਰਧਾਨ ਦੀ ਪ੍ਰਧਾਨਗੀ ਹੇਠ ਫ਼ਿਰੋਜ਼ਪੁਰ ਵਿਖੇ ਕੀਤੀ ਗਈ, ਜਿਸ ਵਿਚ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਅਤੇ ਪੰਜਾਬ ਸਰਕਾਰ ਨੂੰ ਦਿੱਤੇ ਮੰਗ ਪੱਤਰ ਬਾਰੇ ਵਿਚਾਰਾਂ ਕੀਤੀਆਂ ਗਈਆਂ। ਮੀਟਿੰਗ ਦੀ ਕਾਰਵਾਈ ਸੁਖਚੈਨ ਸਿੰਘ ਸਰਕਲ ਸਕੱਤਰ ਵੱਲੋਂ ਚਲਾਈ ਗਈ, ਜਦੋਂ ਕਿ ਮੀਟਿੰਗ ਵਿਚ ਪੰਜਾਬ ਦੇ ਮੀਤ ਪ੍ਰਧਾਨ ਲਖਵੀਰ ਸਿੰਘ ਅਤੇ ਜ਼ੋਨ ਦੇ ਆਗੂ ਬਲਕਾਰ ਸਿੰਘ ਭੁੱਲਰ, ਸਰਕਲ ਪ੍ਰਧਾਨ ਅਸ਼ਵਨੀ ਕੁਮਾਰ, ਸਰਕਲ ਸਕੱਤਰ ਸੁਖਚੈਨ ਸਿੰਘ, ਸਵਰਨ ਸਿੰਘ, ਤਰਲੋਚਨ ਸਿੰਘ, ਸੁਖਦੇਵ ਸਿੰਘ, ਧਰਮਦੇਵ ਰਾਮ, ਰਕੇਸ਼ ਸੈਣੀ, ਬਲਵੀਰ ਸਿੰਘ, ਕੁਲਦੀਪ ਸਿੰਘ, ਰੋਸ਼ਨ ਲਾਲ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਟਾਲ—ਮਟੋਲ ਕਰਕੇ ਸਮਾਂ ਕੱਟ ਰਹੀ ਹੈ, ਜ਼ੋ ਕਿ ਨਵੇਂ ਮੁਲਾਜ਼ਮਾਂ ਨੂੰ ਪੁਰਾਣੇ ਮੁਲਾਜ਼ਮਾਂ ਵਾਂਗ ਪੈਨਸ਼ਨ ਦਿੱਤੀ ਜਾਵੇ, ਹਜ਼ਾਰਾਂ ਖਾਲੀ ਪਈਆਂ ਪੋਸਟਾਂ ਭਰੀਆਂ ਜਾਣ, 16 ਪ੍ਰਤੀਸ਼ਤ ਡੀ.ਏ ਦੀਆਂ ਬਕਾਇਆ ਪਈਆਂ ਕਿਸ਼ਤਾਂ ਜਲਦੀ ਤੋਂ ਜਲਦੀ ਦਿੱਤੀਆਂ ਜਾਣ, ਡੈਥ ਕੇਸ ਦੇ ਆਧਾਰ ਤੇ ਮ੍ਰਿਤਕ ਦੇ ਵਾਰਸਾਂ ਨੂੰ ਨੌਕਰੀ ਦਿੱਤੀ ਜਾਵੇ, ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਸੀ.ਐਚ.ਬੀ ਅਤੇ ਪੈਸਕੋ ਕੰਪਨੀਆਂ ਵਿਚ ਕੰਮ ਕਰ ਰਹੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤੀ ਜਾਵੇ, ਬਿਜਲੀ ਕਰਮਚਾਰੀਆਂ ਦਾ ਸਕੇਲਾਂ ਦਾ ਬਣਦਾ ਬਕਾਇਆ ਜਲਦੀ ਦਿੱਤਾ ਜਾਵੇ, ਪਾਰਟ ਟਾਈਮ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਬਿਜਲੀ ਘਰਾਂ ਵਿਚ ਸਟਾਫ ਪੂਰਾ ਕੀਤਾ ਜਾਵੇ, ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਬਿਜਲੀ ਕਰਮਚਾਰੀ ਮਜ਼ਬੂਰ ਹੋ ਕੇ ਧਰਨੇ ਮੁਜ਼ਾਹਰੇ ਕਰਨਗੇ, ਜਿਸ ਦੀ ਨਿਰੋਲ ਜਿੰਮੇਵਾਰੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਕਟੋਰਾ ਪਰਿਵਾਰ ਨਾਲ ਹਸਤੀਆਂ ਨੇ ਕੀਤਾ ਦੁੱਖ ਸਾਂਝਾ



ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ) :— ਬੀਤੇ ਦਿਨੀ ਪੰਜਾਬ ਭਾਜਪਾ ਦੇ ਸੂਬਾਈ ਆਗੂ ਚੇਅਰਮੈਨ ਜੁਗਰਾਜ ਸਿੰਘ ਕਟੋਰਾ ਜਿਨ੍ਹਾਂ ਦੇ ਮਾਤਾ ਸਰਦਾਰਨੀ ਜਸਬੀਰ ਕੌਰ (ਸਾਬਕਾ ਬਲਾਕ ਸੰਮਤੀ ਮੈਂਬਰ) ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਪਰਿਵਾਰ ਨਾਲ਼ ਅਫ਼ਸੋਸ ਕਰਨ ਪੰਜਾਬ ਅਤੇ ਇਲਾਕੇ ਦੀਆਂ ਵੱਖ—ਵੱਖ ਸਖ਼ਿਸ਼ਅਤਾ ਪਹੁੰਚੀਆਂ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰੀ ਸੁਨਿਲ ਕੁਮਾਰ ਜਾਖੜ, ਭਾਰਤੀ ਜਨਤਾ ਪਾਰਟੀ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਅਮ੍ਰਿਤਪਾਲ ਸਿੰਘ ਬੋਨੀ ਅਜਨਾਲਾ, ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ, ਫ਼ਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬਾਠ, ਸਾਬਕਾ ਜ਼ਿਲ੍ਹਾ ਪ੍ਰਧਾਨ ਦਵਿੰਦਰ ਬਜਾਜ, ਪੰਜਾਬ ਭਾਜਪਾ ਸੈਲ ਕਨਵੀਨਰ ਰੰਜਮ ਕਮਰਾ, ਲਖਵਿੰਦਰ ਸਿੰਘ ਮੋਮੀ, ਭਾਜਪਾ ਸੀਨੀਅਰ ਆਗੂ ਪ੍ਰਦੀਪ ਨੰਦਾ ਤੇ ਅਫਸੋਸ ਕਰਨ ਉਨ੍ਹਾਂ ਦੇ ਗ੍ਰਹਿ ਪਿੰਡ ਕਟੋਰਾ ਵਿਖੇ ਪਹੁੰਚੇ। ਚੇਅਰਮੈਨ ਕਟੋਰਾ ਨੇ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ਼ ਖੜੇ ਹੋਣ ਲਈ ਉਨ੍ਹਾਂ ਸਭ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਮਾਤਾ ਜੀ ਦੀ ਅੰਤਿਮ ਅਰਦਾਸ ਦਿਨ ਐਤਵਾਰ 23 ਨਵੰਬਰ ਨੂੰ ਪਿੰਡ ਕਟੋਰਾ ਦੇ ਗੁਰੂਦਆਰਾ ਸਾਹਿਬ ਵਿੱਚ ਕੀਤੀ ਜਾਵੇਗੀ।

### ਯੂਕੇ ਦੇ ਮਸ਼ਹੂਰ ਸ਼ਹਿਰ ਲੈਸਟਰ ਵਿਖੇ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ

# ਪ੍ਰਕਾਸ਼ ਉਤਸਵ ਦੀਆਂ ਖੁਸ਼ੀਆ ਵਿੱਚ ਮਹਾਨ ਨਗਰ ਕੀਰਤਨ ਸਜਾਇਆ ਗਿਆ

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ ਛਾਇਆ ਹੇਠ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਪਾਵਨ ਬਾਣੀ ਦੀਆਂ ਮਿਠੀਆਂ ਧੁਨਾਂ ਦਾ ਅਨੰਦ ਅਤੇ ਨਗਾਰੇ ਦੀਆ ਧੁੰਨਾਂ ਦਾ ਸਾਰੀਆਂ ਸੰਗਤਾਂ ਨੇ ਅਨੰਦ ਮਾਣਿਆ




















ਯੂਕੇ ਦੇ ਮਸ਼ਹੂਰ ਸ਼ਹਿਰ ਲੈਸਟਰ ਵਿਖੇ 16 ਨਵੰਬਰ 2025 ਐਤਵਾਰ ਵਾਲੇ ਦਿਨ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਦੀਆਂ ਖੁਸ਼ੀਆ ਵਿੱਚ ਮਹਾਨ ਨਗਰ ਕੀਰਤਨ ਸਜਾਇਆ ਗਿਆ। ਹਰੇਕ ਸਾਲ ਲੈਸਟਰ ਸ਼ਹਿਰ ਵਿੱਚ ਦੋ ਵਾਰ ਨਗਰ ਕੀਰਤਨ ਸਜਾਇਆ ਜਾਂਦਾ ਹੈ। ਇੱਕ ਖਾਲਸਾ ਸਾਜਨਾ ਦਿਵਸ ਅਤੇ ਇੱਕ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਦੀਆਂ ਖੁਸ਼ੀਆ ਵਿੱਚ। ਨਗਰ ਕੀਰਤਨ ਦਾ ਰਸਤਾ ਗੁਰੂ ਨਾਨਕ ਗੁਰੂਦੁਆਰਾ ਸਾਹਿਬ ਅਤੇ ਗੁਰੂ ਤੇਗ ਬਹਾਦਰ ਗੁਰਦਵਾਰਾ ਸਾਹਿਬ ਸਾਹਿਬ ਤੱਕ ਲੈਸਟਰ ਸ਼ਹਿਰ ਦੇ ਵਿਚਕਾਰ ਦੀ ਹੁੰਦਾ ਹੈ ਜੋ ਕਿ ਪਿਛਲੇ ਤਕਰੀਬਨ 40 ਸਾਲ ਤੋਂ ਚਲ ਰਿਹਾ ਹੈ ।ਪਰ ਇਸ ਵਾਰ ਵਿਸਾਖੀ ਮੌਕੇ ਅਜਿਹਾ ਨਹੀਂ ਹੋ ਸਕਿਆ। ਜਿਸ ਕਾਰਨ ਸੰਗਤ ਵਿੱਚ ਭਾਰੀ ਨਿਰਾਸ਼ਾ ਸੀ । ਪਰ ਇਸ ਵਾਰ ਦੋਵਾਂ ਗੁਰੂਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਨੇ ਬਹੁਤ ਪਿਆਰ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਉਣ ਲਈ ਦੁਬਾਰਾ ਨਗਰ ਕੀਰਤਨ ਪਹਿਲਾਂ ਦੀ ਤਰ੍ਹਾਂ ਇਕੱਠੇ ਹੋ ਕੇ ਕੀਤਾ। ਗੁਰੂ ਨਾਨਕ ਗੁਰੂਦੁਆਰਾ ਸਾਹਿਬ ਦੇ ਪ੍ਰਬੰਧਕ ਸੇਵਾਦਾਰ ਨਗਰ ਕੀਰਤਨ ਅਰੰਭ ਹੋਣ ਤੋਂ ਪਹਿਲਾਂ ਹੀ ਗੁਰੂ ਤੇਗ ਬਹਾਦੁਰ ਗੁਰਦਵਾਰਾ ਸਾਹਿਬ ਪਹੁੰਚ ਗਏ ਸਨ ਅਤੇ ਉਨ੍ਹਾਂ ਨੂੰ ਜੀ ਆਇਆਂ ਕਹਿੰਦਿਆਂ ਹੋਇ ਗੁਰੂ ਤੇਗ ਬਹਾਦੁਰ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸੇਵਾਦਾਰਾਂ ਵਲੋਂ ਸਨਮਾਨ ਕੀਤਾ ਗਿਆ।ਦੋਵਾਂ ਗੁਰੂਦੁਆਰਾ ਸਾਹਿਬਾਨ ਦੇ ਪ੍ਰਬੰਧਕ ਸੇਵਾਦਾਰ ਨਗਰ ਕੀਰਤਨ ਦੇ ਨਾਲ ਇਕੱਠੇ ਚੱਲ ਰਹੇ ਸਨ। ਇਸ ਤਰ੍ਹਾਂ ਹੀ ਨਗਰ ਕੀਰਤਨ ਦੀ ਸੰਪੂਰਨਤਾ ਸਮੇਂ ਗੁਰੂ ਨਾਨਕ ਗੁਰੂਦੁਆਰਾ ਸਾਹਿਬ ਦੇ ਪ੍ਰਬੰਧਕ ਸੇਵਾਦਾਰਾਂ ਵਲੋਂ ਗੁਰੂ ਤੇਗ ਬਹਾਦੁਰ ਗੁਰਦਵਾਰਾ ਸਾਹਿਬ ਦੇ ਪ੍ਰਬੰਧਕ ਸੇਵਾਦਾਰਾਂ ਦਾ ਧੰਨਵਾਦ ਅਤੇ ਬਣਦਾ ਸਨਮਾਨ ਕੀਤਾ ਗਿਆ। ਇਸ ਤਰ੍ਹਾਂ ਲੱਗ ਰਿਹਾ ਸੀ ਕਿ ਗੁਰੂ ਮਹਾਰਾਜ ਜੀ ਦੀ ਪਾਵਨ ਬਾਣੀ ਦੇ ਸਿਧਾਂਤ 1ੴ ਸਤਿਗੁਰ ਪ੍ਰਸਾਦਿ। ਹੋਇ ਇਕਤ੍ਰ ਮਿਲਹੁ ਮੇਰੇ ਭਾਈ ਦੁਬਿਧਾ ਦੂਰਿ ਕਰਹੁ ਲਿਵ ਲਾਇ।।ਹਰਿ ਨਾਮੈ ਕੇ ਹੋਵਹੁ ਜੋੜੀ ਗੁਰਮੁਖਿ ਬੈਸਹੁ ਸਫਾ ਵਿਛਾਇ।।1।। ਤੇ ਲੈਸਟਰ ਸ਼ਹਿਰ ਦੀਆਂ ਸੰਗਤਾਂ ਅਤੇ ਪ੍ਰਬੰਧਕ ਸੇਵਾਦਾਰ ਪਹਿਰਾ ਦੇ ਰਹੇ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ ਛਾਇਆ ਹੇਠ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਪਾਵਨ ਬਾਣੀ ਦੀਆਂ ਮਿਠੀਆਂ ਧੁਨਾਂ ਦਾ ਅਨੰਦ ਅਤੇ ਨਗਾਰੇ ਦੀਆ ਧੁੰਨਾਂ ਦਾ ਸਾਰੀਆਂ ਸੰਗਤਾਂ ਨੇ ਅਨੰਦ ਮਾਣਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਧੰਨਵਾਦ ਕੀਤਾ। ਬੇਅੰਤ ਹੀ ਨਿਸ਼ਕਾਮ ਸੇਵਾਦਾਰ ਸੇਵਾਵਾਂ ਕਰਕੇ ਗੁਰੂ ਮਹਾਰਾਜ ਜੀ ਦੀਆਂ ਖੁਸ਼ੀਆ ਪ੍ਰਾਪਤ ਕਰੀਏ ਰਹੇ ਸਨ।2025 ਦਾ ਨਗਰ ਕੀਰਤਨ ਲੈਸਟਰ ਦੇ ਸਿੱਖਾਂ ਦੇ ਮਨਾਂ ਵਿੱਚ ਇੱਕ ਅਮਿੱਟ ਛਾਪ ਛੱਡ ਗਿਆ ਹੈ।

**ਰਿਪੋਰਟ : ਜਸਪਾਲ ਸਿੰਘ ਕੰਗ, ਲੈਸਟਰ।**





ਆਵਾਜ਼ਿ ਕੌਮ
AWAZE QAUM
International Newspaper & WEB TV



# In Loving Memory of

# Nachhatar Kaur

Friday 21st November 2025

**9.15am to 9.45am – Antim Darshan**
Guru Nanak Gurdwara
128 High Street, Smethwick B66 3AP

**10.30am – Cremation Service**
Birmingham Crematorium
389 Walsall Road, Perry Barr B42 2LR

ਆਵਾਜ਼ਿ ਕੌਮ AWAZE QAUM International Newspaper & WEB TV

**12.00pm – Sehaj Paath Da Bhog, Kirtan & Guru Ka Langar**
Guru Nanak Gurdwara
128 High Street, Smethwick B66 3AP

Thank you all for your kindness & support

Smethwick Asian Funerals – 66 High St, Smethwick, Birmingham B66 1DS – 0121 558 6117

### ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ, ਸੁਹਾਵਾ ਸਾਲਾਨਾ ਐਥਲੈਟਿਕ ਖੇਡਾਂ 2025-26 ਸਮਾਪਤ

# ਸ਼ਾਨਦਾਰ ਇਨਾਮ ਵੰਡ ਸਮਾਰੋਹ ਦੌਰਾਨ ਜੇਤੂ ਖਿਡਾਰੀਆਂ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਤਗਮਿਆਂ ਨਾਲ ਸਨਮਾਨਿਤ ਕੀਤਾ





**ਸਰਹਾਲੀ ਕਲਾਂ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ, ਸੁਹਾਵਾ ਨੇ ਸੰਤ ਬਾਬਾ ਸੁੱਖਾ ਸਿੰਘ ਜੀ ਅਤੇ ਸੰਤ ਬਾਬਾ ਹਾਕਮ ਸਿੰਘ ਜੀ ਦੀ ਪ੍ਰੇਰਨਾ ਅਤੇ ਆਸ਼ੀਰਵਾਦ ਨਾਲ, ਆਪਣੀ ਸਾਲਾਨਾ ਐਥਲੈਟਿਕ (ਖੇਡਾਂ) ਮੀਟ 2025-26 18 ਨਵੰਬਰ ਤੋਂ 20 ਨਵੰਬਰ, 2025 ਤੱਕ ਸਕੂਲ ਦੇ ਖੇਡ ਮੈਦਾਨ ਵਿੱਚ ਬਹੁਤ ਉਤਸ਼ਾਹ ਅਤੇ ਉੱਚੇ ਮਨੋਬਲ ਨਾਲ ਸਫਲਤਾਪੂਰਵਕ ਕਰਵਾਈ। ਤਿੰਨ ਦਿਨਾਂ ਸਮਾਗਮ ਨੇ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਅਨੁਸ਼ਾਸਨ, ਟੀਮ ਵਰਕ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨਾਲ ਖੇਡੀਆਂ। ਇਹ ਖੇਡਾਂ 18 ਨਵੰਬਰ ਨੂੰ ਇੱਕ ਪ੍ਰਭਾਵਸ਼ਾਲੀ ਉਦਘਾਟਨੀ ਸਮਾਰੋਹ ਨਾਲ ਸ਼ੁਰੂ ਹੋਈ ਜਿਸ ਵਿੱਚ ਵੱਖ-ਵੱਖ ਵਰਗਾਂ ਦੇ ਵਿਦਿਆਰਥੀਆਂ ਦੁਆਰਾ ਇੱਕ ਰੰਗੀਨ ਮਾਰਚ-ਪਾਸਟ ਕੀਤਾ ਗਿਆ। ਵਾਈਸ ਪ੍ਰਿੰਸੀਪਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਬੱਚਿਆਂ ਦੇ ਸੰਪੂਰਨ ਵਿਕਾਸ ਵਿੱਚ ਖੇਡਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ ਅਤੇ ਵਿਦਿਆਰਥੀਆਂ ਨੂੰ ਸਮਰਪਣ ਅਤੇ ਇਮਾਨਦਾਰੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਤਿੰਨ ਦਿਨਾਂ ਦੌਰਾਨ, ਵਿਦਿਆਰਥੀਆਂ ਨੇ 100 ਮੀਟਰ ਦੌੜ, 200 ਮੀਟਰ ਦੌੜ, ਰੀਲੇਅ ਦੌੜ, ਲੰਬੀ ਛਾਲ, ਉੱਚੀ ਛਾਲ, ਸ਼ਾਟ ਪੁੱਟ, ਟੱਗ ਏ ਵਾਰ ਅਤੇ ਸਾਰੀਆਂ ਜਮਾਤਾਂ ਲਈ ਵੱਖ-ਵੱਖ ਮਜ਼ੇਦਾਰ ਦੌੜਾਂ ਸਮੇਤ ਟਰੈਕ ਅਤੇ ਫੀਲਡ ਮੁਕਾਬਲਿਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਵਿੱਚ ਹਿੱਸਾ ਲਿਆ। ਭਾਗੀਦਾਰਾਂ ਨੇ ਸ਼ਾਨਦਾਰ ਤਾਕਤ, ਗਤੀ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਦੇ ਹੋਏ ਖੇਡ ਦਾ ਮੈਦਾਨ ਤਾੜੀਆਂ ਨਾਲ ਗੂੰਜਦਾ ਰਿਹਾ। ਅਧਿਆਪਕ ਅਤੇ ਗੈਰ-ਅਧਿਆਪਕ ਸਟਾਫ਼ ਨੇ ਵੀ ਵਿਸ਼ੇਸ਼ ਸਮਾਗਮਾਂ ਵਿੱਚ ਹਿੱਸਾ ਲਿਆ, ਜਿਸ ਨਾਲ ਜਸ਼ਨ ਵਿੱਚ ਉਤਸ਼ਾਹ ਅਤੇ ਖੁਸ਼ੀ ਵਧੀ। ਮੁਕਾਬਲਾ 20 ਨਵੰਬਰ ਨੂੰ ਇੱਕ ਸ਼ਾਨਦਾਰ ਇਨਾਮ ਵੰਡ ਸਮਾਰੋਹ ਦੇ ਨਾਲ ਸਮਾਪਤ ਹੋਇਆ, ਜਿੱਥੇ ਜੇਤੂਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਤਗਮਿਆਂ ਨਾਲ ਸਨਮਾਨਿਤ ਕੀਤਾ ਗਿਆ। ਆਪਣੇ ਸਮਾਪਤੀ ਭਾਸ਼ਣ 'ਤੇ, ਮਾਣਯੋਗ ਪ੍ਰਧਾਨ ਸ. ਰਣਜੀਤ ਸਿੰਘ ਜੀ ਅਤੇ ਵਾਈਸ ਪ੍ਰਿੰਸੀਪਲ ਸ਼੍ਰੀ ਅਨਿਲ ਕੁਮਾਰ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਖੇਡਾਂ ਨੂੰ ਜੀਵਨ ਦਾ ਜ਼ਰੂਰੀ ਹਿੱਸਾ ਵਜੋਂ ਅਪਣਾਉਣ ਲਈ ਉਤਸ਼ਾਹਿਤ ਕੀਤਾ। ਇਹ ਸਮਾਗਮ ਜੋਸ਼- ਖਰੋਸ਼ ਨਾਲ ਸਮਾਪਤ ਹੋਇਆ, ਜਿਸ ਨਾਲ ਇੱਕ ਸਫਲ ਅਤੇ ਯਾਦਗਾਰੀ ਸਾਲਾਨਾ ਐਥਲੈਟਿਕ ਖੇਡਾਂ ਦਾ ਅੰਤ ਹੋਇਆ। ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ, ਸੁਹਾਵਾ ਦੇ ਸਾਰੇ ਸਟਾਫ਼ ਮੈਂਬਰਾਂ, ਮਾਪਿਆਂ ਅਤੇ ਵਿਦਿਆਰਥੀਆਂ ਦਾ ਉਨ੍ਹਾਂ ਦੇ ਸਹਿਯੋਗ ਅਤੇ ਉਤਸ਼ਾਹੀ ਭਾਗੀਦਾਰੀ ਲਈ ਦਿਲੋਂ ਧੰਨਵਾਦ ਕਰਦਾ ਹੈ।



# ਪੰਜਾਬ ਛੱਡਣ ਬਾਰੇ ਸੋਚਣ ਲੱਗੇ ਹਿੰਦੂ—ਮਿੰਕੂ ਚੌਧਰੀ



**ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ)** :— ਸ਼ਿਵਸੈਨਾ ਬਾਲਾ ਸਾਹੇਬ ਠਾਕਰੇ ਦੇ ਰਾਜ ਉਪ ਪ੍ਰਧਾਨ ਮਿੰਕੂ ਚੌਧਰੀ ਨੇ ਕਿਹਾ ਕਿ ਪੰਜਾਬ ਵਿੱਚ ਹਿੰਦੂਆਂ ਦੀ ਸਥਿਤੀ ਬਹੁਤ ਚਿੰਤਾਜਨਕ ਹੋ ਚੁੱਕੀ ਹੈ, ਹਾਲਾਤ ਇਤਨੇ ਵਿਗੜ ਗਏ ਹਨ ਕਿ ਹਿੰਦੂ ਹੁਣ ਪੰਜਾਬ ਛੱਡਣ ਬਾਰੇ ਸੋਚਣ ਲਈ ਮਜਬੂਰ ਹਨ, ਕਿਉਂਕਿ ਉਨ੍ਹਾਂ ਨੂੰ ਲਗਾਤਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦਹਿਸ਼ਤਗਰਦਾਂ, ਖਾਲਿਸਤਾਨ ਸਮਰਥਕਾਂ, ਜ਼ਬਰਦਸਤੀ ਧਰਮ ਪਰਿਵਰਤਨ ਕਰਾਣ ਵਾਲਿਆਂ, ਗੈਂਗਸਟਰਾਂ, ਤਸਕਰਾਂ, ਕਟੜਪੰਥੀ ਤੱਤਾਂ ਅਤੇ ਭ੍ਰਿਸ਼ਟ ਅਧਿਕਾਰੀਆਂ ਵੱਲੋਂ ਸਭ ਤੋਂ ਵੱਧ ਨਿਸ਼ਾਨਾ ਹਿੰਦੂ ਸਮੁਦਾਇ ਹੀ ਬਣ ਰਿਹਾ ਹੈ। ਇਥੋਂ ਤੱਕ ਕਿ ਮੀਡੀਆ ਵੀ ਹਿੰਦੂਆਂ 'ਤੇ ਹੋ ਰਹੇ ਅਤਿਆਚਾਰਾਂ ਨੂੰ ਦੁਨੀਆ ਸਾਹਮਣੇ ਲਿਆਂਦਾ ਰੁਚੀ ਨਹੀਂ ਦਿਖਾ ਰਿਹਾ, ਕਿਉਂਕਿ ਉਹ ਵੀ ਦਬਾਅ ਹੇਠ ਹੈ। ਗੱਲਬਾਤ ਕਰਦਿਆਂ ਮਿੰਕੂ ਚੌਧਰੀ ਨੇ ਇਹ ਵੀ ਕਿਹਾ ਕਿ ਇੱਕ ਆਰ.ਐਸ.ਐਸ ਨੇਤਾ 'ਤੇ ਗੋਲੀਆਂ ਚਲਾਈਆਂ ਗਈਆਂ, ਪਰ ਕਿਸੇ ਵੀ ਨੇਤਾ ਨੇ ਇਸ ਘਟਨਾ ਦੀ ਖੁੱਲ੍ਹ ਕੇ ਨਿੰਦਾ ਨਹੀਂ ਕੀਤੀ, ਜਦਕਿ ਜੇ ਇਸ ਤਰ੍ਹਾਂ ਦੀ ਘਟਨਾ ਕਿਸੇ ਹੋਰ ਸਮੁਦਾਇ ਦੇ ਲੋਕਾਂ ਨਾਲ ਹੁੰਦੀ, ਤਾਂ ਕਈ ਨੇਤਾ ਤੁਰੰਤ ਸਾਹਮਣੇ ਆ ਜਾਂਦੇ। ਉਨ੍ਹਾਂ ਕਿਹਾ ਕਿ ਸਰਹੱਦੀ ਇਲਾਕਿਆਂ ਵਿੱਚ ਹਿੰਦੂਆਂ ਨੂੰ ਡਰਾਉਣ ਅਤੇ ਪਲਾਇਨ ਕਰਨ ਲਈ ਮਾਹੌਲ ਬਣਾਇਆ ਜਾ ਰਿਹਾ ਹੈ। ਇਸ ਦੇ ਬਾਵਜੂਦ ਪ੍ਰਸ਼ਾਸਨ ਇਨ੍ਹਾਂ ਲੋਕਾਂ ਦੀ ਪਛਾਣ ਕਰਨ ਵਿੱਚ ਰੁਚੀ ਨਹੀਂ ਲੈ ਰਿਹਾ, ਕਿਉਂਕਿ ਉਹ ਰਾਜਨੀਤਿਕ ਦਬਾਅ ਹੇਠ ਹੈ। ਇਸ ਮੌਕੇ 'ਤੇ ਮਿੰਕੂ ਚੌਧਰੀ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਥਿਤੀ ਹਿੰਦੂਆਂ ਲਈ ਬਹੁਤ ਹੀ ਖ਼ਤਰਨਾਕ ਹੋਦੀ ਜਾ ਰਹੀ ਹੈ, ਜਿਸ ਕਾਰਨ ਹਿੰਦੂ ਆਪਣੇ—ਆਪ ਨੂੰ ਅਸੁਰੱਖਿਅਤ ਅਤੇ ਭੈਬੀਤ ਮਹਿਸੂਸ ਕਰ ਰਹੇ ਹਨ।

# ਸ਼੍ਰੋਮਣੀ ਕਮੇਟੀ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਸ੍ਰੀ ਗੁਰੂ ਤੇਗ ਬਹਾਦਰ ਜੀ: ਜੀਵਨ, ਬਾਣੀ ਤੇ ਸ਼ਹਾਦਤ ਅਜੋਕੇ ਸੰਦਰਭ ਵਿਚ' ਵਿਸ਼ੇ 'ਤੇ ਇਕ ਰੋਜ਼ਾ ਅੰਤਰ-ਰਾਸ਼ਟਰੀ ਸੈਮੀਨਾਰ

**ਸ੍ਰੀ ਅਨੰਦਪੁਰ ਸਾਹਿਬ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਸ੍ਰੀ ਗੁਰੂ ਤੇਗ ਬਹਾਦਰ ਜੀ: ਜੀਵਨ, ਬਾਣੀ ਤੇ ਸ਼ਹਾਦਤ ਅਜੋਕੇ ਸੰਦਰਭ ਵਿਚ' ਵਿਸ਼ੇ 'ਤੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਇਕ ਰੋਜ਼ਾ ਅੰਤਰ-ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸਿੱਖ ਬੁੱਧੀਜੀਵੀ ਡਾ. ਬਲਕਾਰ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਜਮੇਰ ਸਿੰਘ ਖੇੜਾ ਸਮੇਤ ਵੱਡੀ ਗਿਣਤੀ ਕਾਲਜ ਪ੍ਰੋਫੈਸਰ, ਇਲਾਕੇ ਦੇ ਵਕੀਲ ਅਤੇ ਪਤਵੰਤੇ ਸ਼ਾਮਿਲ ਹੋਏ। ਇਸ ਮੌਕੇ ਪ੍ਰਧਾਨਗੀ ਸੰਬੋਧਨ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦੁਨੀਆ ਵਿਚ ਆਪੋ-ਆਪਣੇ ਅਕੀਦੇ ਲਈ ਕੁਰਬਾਨ ਹੋਣ ਵਾਲੇ ਬੇਅੰਤ ਮਹਾਪੁਰਖ ਤੇ ਯੋਧੇ ਹੋਏ ਹਨ ਪਰ ਦੂਜਿਆਂ ਦੇ ਵਿਸ਼ਵਾਸ, ਖਾਸ ਕਰਕੇ ਉਸ ਵਿਸ਼ਵਾਸ ਵਿਚ ਖੁਦ ਸਹਿਮਤ ਨਾ ਹੁੰਦੇ ਹੋਏ ਵੀ, ਉਨ੍ਹਾਂ ਲਈ ਸ਼ਹਾਦਤ ਸਿਰਫ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹੀ ਦਿੱਤੀ। ਉਂਘੇ ਸਿੱਖ ਵਿਦਵਾਨ ਡਾ. ਬਲਕਾਰ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੀ ਅਜੋਕੇ ਵਿਸ਼ਵ ਪ੍ਰਸੰਗ ਵਿਚ ਵਿਆਖਿਆ ਕਰਦਿਆਂ ਆਖਿਆ ਕਿ ਨੌਵੇਂ ਪਾਤਸ਼ਾਹ ਨੂੰ ਹਿੰਦ ਦੀ ਚਾਦਰ, ਧਰਮ ਦੀ ਚਾਦਰ, ਸ੍ਰਿਸ਼ਟ ਦੀ ਚਾਦਰ ਅਤੇ ਮਾਨਵਤਾ ਦੀ ਚਾਦਰ ਕਿਹਾ ਜਾਂਦਾ ਹੈ ਪਰ ਗੁਰੂ ਸਾਹਿਬ ਦੀ ਹਿੰਦੋਸਤਾਨ ਉੱਪ ਮਹਾਂਦੀਪ ਦੀ ਤਕਦੀਰ ਤੇ ਅਜੋਕੀ ਹੋਂਦ ਵਿਚ ਜੋ ਅਜ਼ੀਮ ਦੇਣ ਸੀ, ਉਸ ਦੀ ਵਿਆਪਕਤਾ ਨੂੰ ਸਮਝਣ ਤੇ ਮਹਿਸੂਸ ਕਰਨ ਲਈ ਕਵੀ ਸੰਤੋਖ ਸਿੰਘ ਦੀਆਂ ਰਚਨਾਵਾਂ ਦੀ ਬਹੁਪੱਖੀ ਵਿਆਖਿਆ ਕਰਨ ਦੀ ਲੋੜ ਹੈ। ਖ਼ਾਲਸਾ ਯੂਨੀਵਰਸਿਟੀ ਅੰਮ੍ਰਿਤਸਰ ਦੇ ਧਾਰਮਿਕ ਵਿਭਾਗ ਦੇ ਮੁਖੀ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸਿਰਫ ਇਕ ਸ਼ਹਾਦਤ ਹੀ ਨਹੀਂ, ਬਲਕਿ ਮਾਨਵਤਾ ਵਿਚ ਆਤਮ-ਸਨਮਾਨ ਪੈਦਾ ਕਰਨ ਦਾ ਇਕ ਲਾਮਿਸਾਲ ਅਦੁੱਤੀ ਅਮਲ ਵੀ ਸੀ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਦੇ ਮੁਖੀ ਡਾ. ਗੁਰਮੀਤ ਸਿੰਘ ਸਿੱਧੂ ਨੇ ਕਿਹਾ ਕਿ ਦੁਨੀਆ ਦੇ ਅਕਾਦਮਿਕ ਤੇ ਬੌਧਿਕ ਸ਼ਬਦਕੋਸ਼ ਵਿਚ ਧਰਮ ਦੀ ਵਿਆਖਿਆ ਸਮਰਪਣ, ਸਿੱਦਕ ਅਤੇ ਦ੍ਰਿੜ੍ਹਤਾ ਦੇ ਨੇਕ ਅਮਲ ਦੇ ਰੂਪ ਵਿਚ ਕੀਤੀ ਜਾਂਦੀ ਹੈ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਇਸ ਦੀ ਅਦੁੱਤੀ ਮਿਸਾਲ ਹੈ।

# ਇਕ ਉਹ ਜਿਨ੍ਹਾਂ ਨੂੰ ਤਸਵੀਰ ਬਨਾ ਆਉਂਦੀ ਹੈ, ਇਕ ਹਮ ਜਿਨ੍ਹਾਂ ਨੇ ਲੀ ਆਪਣੀ ਤਸਵੀਰ ਬਿਗਾੜ—ਕੁਮਾਰ



**ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ)** :— ਸਭ ਤੋਂ ਚੰਗਾ ਹਿੰਦੂਸਤਾਨ ਹਮਾਰਾ, ਹਮ ਹੈ ਇਸ ਦੀ ਬੁਲਬਲੇ ਯਹ ਚਮਨ ਹਮਾਰਾ, ਇਕ ਪਾਸੇ ਸ੍ਰੀ ਗੁਰੂ ਤੇਗ ਬਹਾਦਰ ਹਿੰਦ ਦੀ ਚਾਦਰ ਵਿਸ਼ਵ ਵਿਆਪੀ ਮਾਨਵਤਾ, ਇਨਸਾਨੀਅਤ ਜ਼ੋ ਇਕ—ਇਕ ਧਰਮ ਜਿਸ ਦਾ ਕੰਮ ਗਊ, ਗਰੀਬ, ਇਸਤਰੀ ਨਿੱਥੇ ਆਦਿ ਦੀ ਰੱਖਿਆ ਲਈ ਖੁਦ ਹੀ ਨਹੀਂ ਬਲਕਿ ਸਰਬੰਸ ਦਾਨੀ ਬਨ ਕੇ ਅਦੁੱਤੀ ਕੁਰਬਾਨੀ ਦੇ ਅੱਜ ਲਾਮਿਸਾਲ ਵਿਸ਼ਵ ਵਿਆਪੀ ਸ਼ਹੀਦਾਂ ਦੇ ਸਿਰਤਾਜ ਬਨ ਪੂਜਨੀਯ ਬਨ ਆਉਣ ਵਾਲੀ ਪੀੜ੍ਹੀ ਸੂਰਾ ਸੋ ਪਹਿਚਾਨਿਬੈ ਲੜੇ ਦੀਨ ਕੇ ਹੇਤੂ ਧਰਮ ਨਹੀਂ ਸਿੱਖਾਂ ਦਾ ਆਪਸ ਵਿਚ ਵੈਰ ਰੱਖਣ ਹਿੰਦੀ ਹੈ ਹਮ ਹਿੰਦੂਸਤਾਨ ਹਮਾਰਾ, ਦੂਜੇ ਪਾਸੇ ਸ਼ਹੀਦਾਂ ਦੀ ਧਰਤੀ ਕੁਰਬਾਨੀਆਂ ਦਾ ਬਕਰਾ ਹੁਣ ਫਲੱਡਾਂ ਜੰਗਾਂ ਦਾ ਦੁਸ਼ਮਨਾਂ ਦਾ ਟਾਕਰਾ ਕਰਨ ਵਾਲਾ ਹੈ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਫ਼ਿਰੋਜ਼ਪੁਰ ਸ਼ਹਿਰ ਜ਼ੋ ਸਾਰੇ ਭਾਰਤ ਦੇ ਸ਼ਹਿਰਾਂ, ਇਲਾਕੇ ਵਿਚੋਂ ਅਮਨ ਪਸੰਦ ਭਰਾਤਰੀ ਭਾਵ ਸੇਵਾ, ਦੇਸ਼ ਭਗਤੀ, ਤਿਆਗ ਤੇ ਕੁਰਬਾਨੀਆਂ ਵਿਚ ਚਾਹੇ ਉਹ ਦੇਸ਼, ਦੁਨੀਆਂ ਲਈ ਤੇ ਭਾਵੇਂ ਦੇਸ਼ ਦੀ 1947 ਦੀ ਵੰਡ ਚਾਹੇ ਹਰ ਸਾਲ ਦੀ ਵੰਡ ਚਾਹੇ ਹਰ ਸਾਲ ਫਲੱਡਾਂ ਦਾ ਸਾਹਮਣਾ ਤੇ ਭਾਰਤ—ਪਾਕਿ ਜੰਗਾਂ ਹਰ ਸਾਲ ਕੋਈ ਨਾ ਕੋਈ ਕੁਦਰਤੀ, ਗੈਰ—ਕੁਦਰਤੀ ਆਫਤਾਂ 1984 ਦੇ ਦੰਗਿਆਂ ਦੌਰਾਨ ਵੀ ਇਕ ਚੰਗਿਆੜੀ ਗਲਤ ਅਨਸਰਾਂ ਸੁੱਟ ਇਸ ਨੂੰ ਨਰਕ ਜ਼ੋ ਖੁਦਾ ਦੀ ਰਹਿਮਤ ਬਕਸ਼ਿਆ ਕ੍ਰਿਪਾ ਲੋਕਾਂ ਦੇ ਆਪਸੀ ਭਾਈਚਾਰੇ, ਬੁੱਧੀਜੀਵੀਆਂ, ਭਾਰਤ ਰਾਮ ਦਰਸ਼ਨ ਬੇਦੀ ਤੇ ਹੋਰ ਵੱਖ—ਵੱਖ ਉਚੀ—ਉਚੀ, ਸੁੱਚੀ—ਸੁੱਚੀ ਸੋਚ ਸਦਕਾ ਸਜਨਾ ਕਿਸੇ ਜਾਨੀ ਮਾਲੀ ਦੁਨਿਆਵੀਂ ਨੁਕਸਾਨ ਬਗੈਰ ਸ਼ਾਂਤਮਈ ਢੰਗ ਨਾਲ ਨਜਿਠਿਆ ਉਸ ਮਗਰੋਂ ਇਸ ਬਾਰਡਰ, ਦਰਿਆ ਕੰਢੇ ਬੈਠੇ ਪਿੰਡਾਂ—ਸ਼ਹਿਰਾਂ ਦੇ ਪ੍ਰੇਮ ਸਦਮਾ ਕਦੀ ਕੋਈ ਜਾਤ—ਪਾਤ, ਧਰਮ, ਇਲਾਕਾਈ, ਭਾਸ਼ਾਨੀ ਗਰੀਬ ਅਮੀਰ ਭਾਵ ਹਮੇਸ਼ਾ ਸਦਭਾਵਨਾ ਜਿਵੇਂ ਹੁਣ—ਹੁਣ ਫਲੱਡ ਵਿਚ ਸੇਵਾ, ਤਿਆਗ, ਕੁਰਬਾਨੀ ਇਹ ਹੁਣ ਥੋੜ੍ਹੇ—ਥੋੜ੍ਹੇ ਅਰਸੇ ਮਗਰੋਂ ਜ਼ੋ ਕੁਝ ਇਥੇ ਫ਼ਿਰੋਜ਼ਪੁਰ ਵਿਚ ਹੋਇਆ ਹੋ ਰਿਹਾ ਤੇ ਹੋਣ ਦਾ ਡਰ ਹਰ ਫ਼ਿਰੋਜ਼ਪੁਰ ਇਲਾਕੇ ਲਈ ਚਿੰਤਾ ਦਾ ਵਿਸ਼ਾ ਤੁਰੰਤ ਪ੍ਰੇਮ ਤੇ ਸਦਭਾਵਨਾ ਬਨ੍ਹਾ ਕਿਸੇ ਭੇਦ ਭਾਵ ਦੀ ਉਮੀਦ ਨਹੀਂ।

# ਜੈਨੇਸਿਸ ਡੈਂਟਲ ਹਸਪਤਾਲ ਵੱਲੋਂ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਡੈਂਟਲ ਕੈਂਪ ਲਗਾਇਆ ਗਿਆ



ਫ਼ਿਰੋਜ਼ਪੁਰ, 20 ਨਵੰਬਰ (ਮਨੋਹਰ ਲਾਲ) :— ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਫਿਰੋਜ਼ਪੁਰ ਵੱਲੋਂ ਗੁਰਦੁਆਰਾ ਜਾਮਨੀ ਸਾਹਿਬ, ਬਾਜੀਦਪੁਰ ਵਿੱਚ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਇੱਕ ਮੁਫ਼ਤ ਦੰਦਾਂ ਦਾ ਚੈਕਅੱਪ ਕੈਂਪ ਲਗਾਇਆ ਗਿਆ। ਇਸ ਖ਼ਾਸ ਮੌਕੇ 'ਤੇ ਵੱਡੀ ਗਿਣਤੀ ਵਿਚ ਸੰਗਤ ਨੇ ਪਹੁੰਚ ਕੇ ਕੈਂਪ ਦਾ ਲਾਭ ਲਿਆ। ਕੈਂਪ ਦੌਰਾਨ ਡਾ: ਗਗਨ ਹਾਂਡਾ ਅਤੇ ਡਾ: ਸੁਮੇਰ ਕੰਬੋਜ ਨੇ ਆਏ ਹੋਏ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਜ਼ਰੂਰੀ ਇਲਾਜ ਬਾਰੇ ਸਲਾਹ ਦਿੱਤੀ। ਦੋਵਾਂ ਡਾਕਟਰਾਂ ਨੇ ਲੋਕਾਂ ਨੂੰ ਨਿਯਮਿਤ ਦੰਦਾ ਜਾਂਚ ਅਤੇ ਸਫ਼ਾਈ ਦੇ ਮਹੱਤਵ ਬਾਰੇ ਵੀ ਜਾਗਰੂਕ ਕੀਤਾ। ਇਸੇ ਮੌਕੇ ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਤੇ ਮਨਜੀਤ ਸਿੰਘ ਵੱਲੋਂ ਮਰੀਜ਼ਾਂ ਨੂੰ ਟੂਥਪੇਸਟ, ਟੂਥਬਰਸ਼ ਅਤੇ ਲੋੜੀਂਦੀਆਂ ਦਵਾਈਆਂ ਵੰਡੀਆਂ ਗਈਆਂ ਤਾਂ ਜੋ ਉਹ ਘਰ 'ਚ ਵੀ ਆਪਣੀ ਦੰਦਾਂ ਦੀ ਸਾਂਭ ਸੰਭਾਲ ਚੰਗੀ ਤਰ੍ਹਾਂ ਕਰ ਸਕਣ। ਇਸ ਪ੍ਰੋਗਰਾਮ ਦਾ ਮੇਨ ਉਦੇਸ਼ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ ਅਨੁਸਾਰ ਸਮਾਜ ਸੇਵਾ ਅਤੇ ਸਿਹਤ ਜਾਗਰੂਕਤਾ ਨੂੰ ਪ੍ਰੋਤਸਾਹਿਤ ਕਰਨਾ ਸੀ।

# ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਵਲੋਂ ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਪ੍ਰਬੰਧਾਂ ਦੀਆਂ ਤਿਆਰੀਆਂ ਦਾ ਜਾਇਜ਼ਾ

ਸ੍ਰੀ ਅਨੰਦਪੁਰ ਸਾਹਿਬ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਪੁੱਜ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਗੁਰਮਤਿ ਸਮਾਗਮਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ ਵੀ ਹਾਜ਼ਰ ਸਨ। ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਗੁਰਤਾਗੱਦੀ ਦੇ 350 ਸਾਲਾ ਦਿਹਾੜੇ ਸਬੰਧੀ ਭਲ੍ਹਕੇ ਸਵੇਰੇ 10 ਵਜੇ ਗੁਰਿਆਈ ਅਸਥਾਨ, ਗੁਰਦੁਆਰਾ ਭੋਰਾ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਦੇ ਨਾਲ ਸ਼ਤਾਬਦੀ ਸਮਾਗਮਾਂ ਦਾ ਆਗਾਜ਼ ਹੋਵੇਗਾ। 23 ਨਵੰਬਰ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਗੁਰਿਆਈ ਪੁਰਬ ਮਨਾਇਆ ਜਾਵੇਗਾ, ਜਿਸ ਦੌਰਾਨ ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖ਼ਾਲਸਾ ਗੁਰਬਾਣੀ ਕਥਾ ਕਰਨਗੇ। ਇਸ ਉਪਰੰਤ ਸਜੇ ਦੀਵਾਨ ਵਿਚ ਪੰਥ ਪ੍ਰਸਿੱਧ ਰਾਗੀ ਜਥੇ ਗੁਰਬਾਣੀ ਕੀਰਤਨ ਕਰਨਗੇ। ਐਡਵੋਕੇਟ ਧਾਮੀ ਨੇ ਦੱਸਿਆ ਕਿ 25 ਨਵੰਬਰ ਨੂੰ ਸ਼ਹੀਦੀ ਸ਼ਤਾਬਦੀ ਦੇ ਮੁੱਖ ਸਮਾਗਮ ਅਤੇ 29 ਨਵੰਬਰ ਨੂੰ ਸੀਸ ਸਸਕਾਰ ਦਿਵਸ ਮਨਾਇਆ ਜਾਵੇਗਾ।